ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

You Tube https://youtu.be/LQwolgxDu7I

awazeqaumtvpunjab@gmail.com

ਐਤਵਾਰ, 9 ਫਰਵਰੀ 2025 (ਨਾਨਕਸ਼ਾਹੀ ਸੰਮਤ : ੫੫੬, ੨੭ ਮਾਘ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243

## ਦਿੱਲੀ ’ਚ 27 ਸਾਲਾਂ ਬਾਅਦ ਭਾਜਪਾ ਦੀ ਪ੍ਰਚੰਡ ਬਹੁਮਤ ਨਾਲ ਵਾਪਸੀ

# ਦਿੱਲੀ ’ਚ ਆਪ ਦੀ ਹਾਰ, ਕਾਂਗਰਸ ਦਾ ਬਿਸਤਰਾ ਗੋਲ

ਦੇਸ਼ ਦੀ ਰਾਜਧਾਨੀ ਦਿੱਲੀ ਵਿਚ ਹੋਈਆਂ ਵਿਧਾਨ ਸਭਾ ’ਚ ਜਿਸ ਤਰ੍ਹਾਂ 27 ਸਾਲਾਂ ਬਾਅਦ ਭਾਜਪਾ ਨੂੰ ਪ੍ਰਚੰਡ ਬਹੁਮਤ ਮਿਲਿਆ ਹੈ। ਉਸ ਨੂੰ ਲੈ ਕੇ ਭਾਜਪਾ ਵਾਲਿਆਂ ਤੋਂ ਖੁਸ਼ੀ ਸੰਭਾਲੀ ਨਹੀਂ ਜਾ ਰਹੀ ਕਿਉਂਕਿ ਚੰਦ ਮਹੀਨੇ ਪਹਿਲਾਂ ਹਰਿਆਣੇ ਵਿਚ ਮਾਅਰਕੇ ਵਾਲੀ ਜਿੱਤ ਜਾਰੀ ਕਰਕੇ ...

**BJP+: 48 | APP:22 | CON:0 | OTH:0**



### ਆਵਾਜ਼ਿ ਕੌਮ ਦੀ ਵਿਸ਼ੇਸ਼ ਰਿਪੋਰਟ


ਭਾਜਪਾ 27 ਸਾਲਾਂ ਬਾਅਦ ਦਿੱਲੀ ਦੀ ਸੱਤਾ ਵਿੱਚ ਵਾਪਸੀ ਕੀਤੀ ਹੈ। ਵਿਧਾਨ ਸਭਾ ਚੋਣ ਨਤੀਜਿਆਂ ਵਿੱਚ ਪਾਰਟੀ ਦੀ ਕਾਰਗੁਜ਼ਾਰੀ ਕਾਰਨ ਸੂਬੇ ਤੋਂ ਕੇਂਦਰ ਤੱਕ ਦੇ ਆਗੂ ਖੁਸ਼ ਹਨ। ਨਵੀਂ ਦਿੱਲੀ ਵਿਧਾਨ ਸਭਾ ਸੀਟ ਤੋਂ ਆਮ ਆਦਮੀ ਪਾਰਟੀ ਦੇ ਨੰਬਰ ਇਕ ਨੇਤਾ ਅਰਵਿੰਦ ਕੇਜਰੀਵਾਲ ਚੋਣ ਹਾਰ ਗਏ ਹਨ। ਦੂਜੇ ਨੇਤਾ ਮਨੀਸ਼ ਸਿਸੋਦੀਆ ਵੀ ਜੰਗਪੁਰਾ ਵਿਧਾਨ ਸਭਾ ਸੀਟ ਤੋਂ ਚੋਣ ਹਾਰ ਗਏ ਹਨ। ਅਜਿਹੇ ’ਚ ਭਾਜਪਾ ਦੀ ਜਿੱਤ ਕਈ ਮਾਇਨਿਆਂ ’ਚ ਖਾਸ ਬਣ ਗਈ ਹੈ। ਸਿਆਸੀ ਵਿਸ਼ਲੇਸ਼ਕ ਅਜੈ ਪਾਂਡੇ ਕਹਿੰਦੇ ਹਨ ਕਿ ਸੱਤਾ ਵਿਰੋਧੀ ਲਹਿਰ ਦੇ ਨਾਲ-ਨਾਲ ਆਮ ਆਦਮੀ ਪਾਰਟੀ ਦੀਆਂ ਮੁਫਤ ਸਕੀਮਾਂ ’ਤੇ ਇਸ ਵਾਰ ਜਨਤਾ ਨੇ ਵਿਸ਼ਵਾਸ ਨਹੀਂ ਕੀਤਾ।” ਜਿਸ ਤਰ੍ਹਾਂ ਦਿੱਲੀ ਦੇ ਲੋਕਾਂ ਨੇ ਭਾਜਪਾ ਦੇ ਚੋਣ ਮਨੋਰਥ ਪੱਤਰ ’ਤੇ ਭਰੋਸਾ ਕੀਤਾ ਅਤੇ ਇਸ ਵਾਰ ਵੋਟਾਂ ਪਾਈਆਂ, ਉਸ ਨਾਲ 27 ਸਾਲਾਂ ਬਾਅਦ ਦਿੱਲੀ ’ਚ ਭਾਜਪਾ ਦੀ ਸਰਕਾਰ ਬਣਨ ਦਾ ਰਾਹ ਪੱਧਰਾ ਹੋ ਗਿਆ।






### ਦਿੱਲੀ ’ਚ ਭਾਜਪਾ ਦੀ ਜਿੱਤ ’ਤੇ ਭਾਜਪਾ ਪ੍ਰਧਾਨ ਸੁਨੀਲ ਜਾਖੜ ਨੇ ਦਿੱਤੀਆਂ ਵਧਾਈਆਂ

ਚੰਡੀਗੜ੍ਹ, 8 ਫਰਵਰੀ (ਆਵਾਜ਼ਿ ਕੌਮ ਬਿਊਰੋ)- ਦਿੱਲੀ ’ਚ ਭਾਜਪਾ ਦੀ ਜਿੱਤ ’ਤੇ ਭਾਜਪਾ ਪ੍ਰਧਾਨ ਸੁਨੀਲ ਜਾਖੜ ਨੇ ਵਧਾਈਆਂ ਦਿੰਦੇ ਹੋਏ ਟਵੀਟ ਕਰਦਿਆਂ ਕਿਹਾ ਲਿਖਿਆ ਹੈ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਦਿੱਲੀ ਨੂੰ ਆਫ਼ਤ ਮੁਕਤ ਬਣਾਉਣ ਲਈ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ, ਰਾਸ਼ਟਰੀ ਪ੍ਰਧਾਨ ਜੇਪੀ ਨੱਡਾ ਅਤੇ ਸਾਰੇ ਭਾਜਪਾ ਵਰਕਰਾਂ ਨੂੰ ਵਧਾਈਆਂ। ਜਿਨ੍ਹਾਂ ਦੀ ਮਿਹਨਤ ਸਦਕਾ 27 ਸਾਲਾਂ ਬਾਅਦ ਦਿੱਲੀ ’ਚ ਕਮਲ ਖਿੜਿਆ ਹੈ। ਹੁਣ ਪ੍ਰਧਾਨ ਮੰਤਰੀ ਨੂੰ ਪੰਜਾਬ ਨੂੰ ‘ਆਪ’-ਦਾ’ ਮੁਕਤ ਬਣਾਉਣ ਦਾ ਕੰਮ ਕਰਨਾ ਪਵੇਗਾ। ਪੰਜਾਬੀ ਹੁਣ ਮੋਦੀ ਜੀ ਵੱਲ ਦੇਖ ਰਹੇ ਹਨ ਕਿ ਉਨ੍ਹਾਂ ਦੀ ਅਗਵਾਈ ’ਚ ਪੰਜਾਬ ਵਿਚ ਫੈਲਿਆ ਡਰ ਦਾ ਮਾਹੌਲ ਕਦੋਂ ਖ਼ਤਮ ਹੋਵੇਗਾ ਅਤੇ ਲੋਕ ਸ਼ਾਂਤੀ ਨਾਲ ਰਹਿ ਸਕਣਗੇ।’



### ਦਿੱਲੀ ’ਚ ਭਾਜਪਾ ਦੀ ਜਿੱਤ ’ਤੇ ਰਵਨੀਤ ਸਿੰਘ ਬਿੱਟੂ ਨੇ ਦਿੱਤੀਆਂ ਵਧਾਈਆਂ

ਚੰਡੀਗੜ੍ਹ, 8 ਫਰਵਰੀ (ਆਵਾਜ਼ਿ ਕੌਮ ਬਿਊਰੋ)- ਦਿੱਲੀ ’ਚ ਭਾਜਪਾ ਦੀ ਸ਼ਾਨਦਾਰ ਜਿੱਤ ਹੋਈ ਹੈ। ਭਾਜਪਾ ਨੇ 27 ਸਾਲ ਬਾਅਦ ਦਿੱਲੀ ਦੀ ਸੱਤਾ ਵਿਚ ਪੈਰ ਜਮਾਏ ਹਨ। ਕੇਂਦਰੀ ਰੇਲ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨੇ ਦਿੱਲੀ ਵਿਚ ਭਾਜਪਾ ਦੀ ਸ਼ਾਨਦਾਰ ਜਿੱਤ ’ਤੇ ਪੀਐਮ ਨਰਿੰਦਰ ਮੋਦੀ ਨੂੰ ਵਧਾਈ ਦਿੱਤੀ ਹੈ। ਕੇਂਦਰੀ ਰੇਲ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨੇ ਟਵੀਟ ਕਰਦਿਆਂ ਕਿਹਾ ਕਿ ਦਿੱਲੀ ਵਿੱਚ ਇਤਿਹਾਸ ਮੁੜ ਲਿਖਿਆ ਗਿਆ! 27 ਸਾਲਾਂ ਬਾਅਦ, ਜਨਤਾ ਨੇ ਪੀਐਮ ਨਰਿੰਦਰ ਮੋਦੀ ਦੇ ਵਿਕਸਿਤ ਭਾਰਤ ਬਾਰੇ ਦ੍ਰਿਸ਼ਟੀਕੋਣ ਨੂੰ ਗਲੇ ਲਗਾ ਕੇ ਭਾਜਪਾ ਨੂੰ ਸ਼ਾਨਦਾਰ ਫ਼ਤਵਾ ਦਿੱਤਾ ਹੈ। ਇਹ ਜਿੱਤ ਵਿਸ਼ਵਾਸ, ਵਿਕਾਸ ਅਤੇ ਰੌਸ਼ਨ ਭਵਿੱਖ ਦਾ ਸਬੂਤ ਹੈ। ਧੰਨਵਾਦ ਦਿੱਲੀ।”



### ਪ੍ਰਵੇਸ਼ ਵਰਮਾ ਦਾ ਚੋਣ ਜਿੱਤਣ ਮਗਰੋਂ ਪਹਿਲਾ ਵੱਡਾ ਬਿਆਨ, ਕਿਹਾ- ਹਨੇਰਾ ਦੂਰ ਹੋ ਗਿਆ, ਸੂਰਜ ਚੜ੍ਹਿਆ, ਕਮਲ ਖਿੜ ਗਿਆ

ਨਵੀਂ ਦਿੱਲੀ, 8 ਫਰਵਰੀ (ਆਵਾਜ਼ਿ ਕੌਮ ਬਿਊਰੋ)- ਦਿੱਲੀ ਦੇ ਸਾਬਕਾ ਮੁੱਖ ਮੰਤਰੀ ਅਤੇ ਆਪ ਸੁਪਰੀਮੋ ਅਰਵਿੰਦ ਕੇਜਰੀਵਾਲ ਨੂੰ ਹਰਾਉਣ ਵਾਲੇ ਭਾਜਪਾ ਉਮੀਦਵਾਰ ਪ੍ਰਵੇਸ਼ ਵਰਮਾ ਦਾ ਚੋਣ ਜਿੱਤ ਮਗਰੋਂ ਪਹਿਲਾ ਵੱਡਾ ਬਿਆਨ ਸਾਹਮਣੇ ਆਇਆ ਹੈ। ਉਨ੍ਹਾਂ ਨੇ ਟਵੀਟ (ਹੁਣ ਐਕਸ) ਕਰਦਿਆਂ ਜਿੱਥੇ ਦਿੱਲੀ ਦੇ ਲੋਕਾਂ ਦਾ ਧੰਨਵਾਦ ਕੀਤਾ, ਉੱਥੇ ਹੀ ਪ੍ਰਧਾਨ ਮੰਤਰੀ ਨਰਿੰਦਰ ਮੋਦੀ, ਗ੍ਰਹਿ ਮੰਤਰੀ ਅਮਿਤ ਸ਼ਾਹ ਅਤੇ ਕੌਮੀ ਪ੍ਰਧਾਨ ਜੇਪੀ ਨੱਢਾ ਦਾ ਧੰਨਵਾਦ ਕੀਤਾ। ਪ੍ਰਵੇਸ਼ ਵਰਮਾ ਨੇ ਟਵੀਟ ਕਰਦਿਆਂ ਲਿਖਿਆ ਕਿ ਹਨੇਰਾ ਖਤਮ ਹੋ ਗਿਆ, ਸੂਰਜ ਨਿਕਲਿਆ, ਕਮਲ ਖਿੜਿਆ। ਦਿੱਲੀ ਨੇ ਵਿਕਾਸ ਨੂੰ ਚੁਣਿਆ ਹੈ। ਇਹ ਜਿੱਤ ਦਿੱਲੀ ਦੇ ਵਿਸ਼ਵਾਸ ਦੀ ਹੈ। ਇਹ ਜਿੱਤ ਦਿੱਲੀ ਦੇ ਭਵਿੱਖ ਲਈ ਹੈ।ਮੈਂ ਸਾਡੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ, ਗ੍ਰਹਿ ਮੰਤਰੀ ਅਮਿਤ ਸ਼ਾਹ, ਰਾਸ਼ਟਰੀ ਪ੍ਰਧਾਨ ਜੇ.ਪੀ.ਨੱਢਾ ਤੇ ਭਾਜਪਾ ਦੇ ਹਰ ਵਰਕਰ ਦੀ ਮਿਹਨਤ ਅਤੇ ਦਿੱਲੀ ਵਾਸੀਆਂ ਦੇ ਭਰੋਸੇ ਦਾ ਧੰਨਵਾਦੀ ਹਾਂ।



### ਹਾਰ ਮਗਰੋਂ ਅਰਵਿੰਦ ਕੇਜਰੀਵਾਲ ਬੋਲੇ- ਜਨਤਾ ਦਾ ਫ਼ੈਸਲਾ ਸਿਰ ਮੱਥੇ

ਦਿੱਲੀ ਚੋਣਾਂ ਦੇ ਨਤੀਜਿਆਂ ਨੂੰ ਲੈ ਕੇ ਆਮ ਆਦਮੀ ਪਾਰਟੀ (ਆਪ) ਦੇ ਕੌਮੀ ਕਨਵੀਨਰ ਅਤੇ ਦਿੱਲੀ ਦੇ ਸਾਬਕਾ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਅਸੀਂ ਬਹੁਤ ਨਿਮਰਤਾ ਨਾਲ ਲੋਕਾਂ ਦੇ ਜਨਾਦੇਸ਼ ਨੂੰ ਸਵੀਕਾਰ ਕਰਦੇ ਹਾਂ। ਜਨਤਾ ਦਾ ਫ਼ੈਸਲਾ ਸਿਰ ਮੱਥੇ। ਮੈਂ ਇਸ ਜਿੱਤ ਲਈ ਭਾਜਪਾ ਨੂੰ ਵਧਾਈ ਦਿੰਦਾ ਹਾਂ। ਮੈਨੂੰ ਉਮੀਦ ਹੈ ਕਿ ਉਹ ਉਨ੍ਹਾਂ ਸਾਰੇ ਵਾਅਦਿਆਂ ਨੂੰ ਪੂਰਾ ਕਰਾਂਗੇ, ਜਿਨ੍ਹਾਂ ਲਈ ਲੋਕਾਂ ਨੇ ਉਨ੍ਹਾਂ ਨੂੰ ਵੋਟਾਂ ਪਾਈਆਂ ਅਤੇ ਬਹੁਮਤ ਦਿੱਤਾ। ਕੇਜਰੀਵਾਲ ਨੇ ਅੱਗੇ ਕਿਹਾ ਕਿ ਅਸੀਂ ਪਿਛਲੇ 10 ਸਾਲਾਂ ਵਿਚ ਸਿਹਤ, ਸਿੱਖਿਆ, ਬਿਜਲੀ ਬੁਨਿਆਂਦੀ ਢਾਂਚੇ ਦੇ ਖੇਤਰ ਵਿਚ ਬਹੁਤ ਕੰਮ ਕੀਤਾ ਹੈ। ਕੇਜਰੀਵਾਲ ਨੇ ਅੱਗੇ ਕਿਹਾ ਕਿ ਹੁਣ ਜਨਤਾ ਨੇ ਸਾਨੂੰ ਜੋ ਰੋਲ ਦਿੱਤਾ ਹੈ, ਉਸ ਵਿਚ ਅਸੀਂ ਸਕਾਰਾਤਮਕ ਵਿਰੋਧੀ ਧਿਰ ਦੀ ਭੂਮਿਕਾ ਨਿਭਾਵਾਂਗੇ। ਇਸ ਤੋਂ ਇਲਾਵਾ ਸਮਾਜ ਸੇਵਾ, ਜਨਤਾ ਦੇ ਸੁੱਖ-ਦੁੱਖ ਵਿਚ ਕੰਮ ਕਰਨਗੇ।



### ਦਿੱਲੀ ’ਚ ਆਤਿਸ਼ੀ ਬਣੇਗੀ ਵਿਰੋਧੀ ਧਿਰ ਦੀ ਨੇਤਾ ! ਵੱਡੇ ਮਹਾਰਥੀ ਹਾਰੇ

ਦਿੱਲੀ ਵਿਚ ਆਮ ਆਦਮੀ ਪਾਰਟੀ ਦੀ 11 ਸਾਲਾ ਪੁਰਾਣੀ ਸਰਕਾਰ ਦਾ ਸਿਆਸੀ ਭੋਗ ਪੈਣ ਤੋਂ ਬਾਅਦ ਆਮ ਆਦਮੀ ਪਾਰਟੀ ਦੇ 22 ਦੇ ਕਰੀਬ ਵਿਧਾਇਕ ਜੇਤੂ ਰਹਿਣ ’ਤੇ ਵੱਡੇ-ਵੱਡੇ ਮਹਾਰਥੀ ਜਿਨਾਂ ਵਿਚ ਅਰਵਿੰਦ ਕੇਜਰੀਵਾਲ, ਮਨੀਸ਼ ਸਿਸੋਦੀਆ, ਸੌਰਵ ਭਾਰਦਵਾਜ, ਸਤਿੰਦਰ ਜੈਨ, ਸੋਮਨਾਥ ਭਾਰਤੀ, ਅਜੇ ਆਹੂਜਾ, ਪਾਠਕ ਆਦਿ ਆਗੂ ਚੋਣ ਹਾਰ ਗਏ। ਕੇਵਲ ਦਿੱਲੀ ਦੀ ਮੌਜੂਦਾ ਮੁੱਖ ਮੰਤਰੀ ਆਤਿਸ਼ੀ ਮਰਲੀਨਾ ਹੀ ਜਿੱਤ ਹਾਸਲ ਕਰ ਸਕੀ। ਵੱਡੇ ਮਹਾਰਥੀਆਂ ਦੇ ਹਾਰ ਜਾਣ ਤੋਂ ਬਾਅਦ ਹੁਣ ਇਸ ਗੱਲ ਦੀ ਚਰਚਾ ਹੈ ਕਿ ਦਿੱਲੀ ਵਿਚ ਬਣਨ ਵਾਲੀ ਭਾਜਪਾ ਦੀ ਸਰਕਾਰ ਅਤੇ ਵਿਰੋਧੀ ਧਿਰ ਦੀ ਕੁਰਸੀ ’ਤੇ ਆਮ ਆਦਮੀ ਪਾਰਟੀ ਦੇ ਨੇਤਾ ਅਤੇ ਹਾਲ ਦੀ ਘੜੀ ਮੁੱਖ ਮੰਤਰੀ ਬਣੀ ਹੋਈ ਆਤਿਸ਼ੀ ਦਾ ਬੈਠਣਾ ਲਗਭਗ ਤੈਅ ਹੋਵੇਗਾ ਕਿਉਂਕਿ ਮੁੱਖ ਮੰਤਰੀ ਤੋਂ ਬਾਅਦ ਜੇਕਰ ਕੋਈ ਵੱਡੀ ਕੁਰਸੀ ਦੇ ਹਿੱਸੇ ਆਉਂਦੀ ਹੈ ਤਾਂ ਉਹ ਵਿਰੋਧੀ ਦੇ ਨੇਤਾ ਵਾਲੀ ਹੁੰਦੀ ਹੈ।



## ਰਾਜੌਰੀ ਗਾਰਡਨ ਸੀਟ ਤੋਂ ਭਾਜਪਾ ਦੇ ਮਨਜਿੰਦਰ ਸਿੰਘ ਸਿਰਸਾ ਨੇ ਹਾਸਲ ਕੀਤੀ ਸ਼ਾਨਦਾਰ ਜਿੱਤ



ਨਵੀਂ ਦਿੱਲੀ , 8 ਫਰਵਰੀ (ਆਵਾਜ਼ਿ ਕੌਮ ਬਿਊਰੋ)- ਦਿੱਲੀ ਵਿਧਾਨ ਸਭਾ ਚੋਣਾਂ ਵਿਚ ਰਾਜੌਰੀ ਰਾਜੌਰੀ ਗਾਰਡਨ ਵਿਧਾਨ ਸਭਾ ਸੀਟ ‘ਤੇ ਗਿਣਤੀ ਪੂਰੀ ਹੋ ਗਈ ਹੈ, ਜੋ ਕਿ ਦਿੱਲੀ ਦੀਆਂ ਹੌਟ ਸੀਟਾਂ ‘ਚੋਂ ਇੱਕ ਹੈ, ਅਤੇ ਨਤੀਜੇ ਹੁਣ ਸਪੱਸ਼ਟ ਹਨ।ਇੱਥੇ ਭਾਜਪਾ ਉਮੀਦਵਾਰ ਮਨਜਿੰਦਰ ਸਿੰਘ ਸਿਰਸਾ ਦੀ ਰਾਜੌਰੀ ਗਾਰਡਨ ਸੀਟ ਤੋਂ ਸ਼ਾਨਦਾਰ ਜਿੱਤ ਹਾਸਲ ਕੀਤੀ ਹੈ। ਮਨਜਿੰਦਰ ਸਿਰਸਾ ਨੇ 18 ਹਜ਼ਾਰ 190 ਵੋਟਾਂ ਤੋਂ ਜਿੱਤ ਦਰਜ ਕੀਤੀ ਹੈ।ਇਸ ਵਾਰ ਰਾਜੌਰੀ ਗਾਰਡਨ ’ਚ ਮਨਜਿੰਦਰ ਸਿੰਘ ਸਿਰਸਾ ਅਤੇ ਆਮ ਆਦਮੀ ਪਾਰਟੀ ਦੇ ਧਨਵਤੀ ਚੰਦੇਲਾ ਵਿਚਾਲੇ ਜ਼ਬਰਦਸਤ ਮੁਕਾਬਲਾ ਸੀ।ਹਾਲਾਂਕਿ, ਧਰਮਪਾਲ ਚੰਦੇਲਾ ਨੇ ਕਾਂਗਰਸ ਦੀ ਤਰਫੋਂ ਆਪਣੀ ਪੂਰੀ ਕੋਸ਼ਿਸ਼ ਕੀਤੀ ਸੀ। ਰਾਜੌਰੀ ਗਾਰਡਨ, ਦਿੱਲੀ ਦੇ 70 ਵਿਧਾਨ ਸਭਾ ਹਲਕਿਆਂ ਵਿੱਚੋਂ ਇੱਕ, 2002 ਵਿੱਚ ਗਠਿਤ ਭਾਰਤ ਦੇ ਹੱਦਬੰਦੀ ਕਮਿਸ਼ਨ ਦੀਆਂ ਸਿਫ਼ਾਰਸ਼ਾਂ ਤੋਂ ਬਾਅਦ 2008 ਵਿੱਚ ਹੋਂਦ ਵਿੱਚ ਆਇਆ ਸੀ। ਰਾਜੌਰੀ ਗਾਰਡਨ 9 ਹੋਰ ਵਿਧਾਨ ਸਭਾ ਹਲਕਿਆਂ - ਮਾਦੀਪੁਰ, ਤਿਲਕ ਨਗਰ, ਹਰੀ ਨਗਰ, ਨਜਫਗੜ੍ਹ, ਜਨਕਪੁਰੀ, ਵਿਕਾਸਪੁਰੀ, ਦਵਾਰਕਾ, ਮਟਿਆਲਾ ਅਤੇ ਉੱਤਮ ਨਗਰ ਦੇ ਨਾਲ ਪੱਛਮੀ ਦਿੱਲੀ ਲੋਕ ਸਭਾ ਹਲਕੇ ਦਾ ਹਿੱਸਾ ਹੈ।

**ਮਨਜਿੰਦਰ ਸਿਰਸਾ ਨੇ 18 ਹਜ਼ਾਰ 190 ਵੋਟਾਂ ਤੋਂ ਜਿੱਤ ਦਰਜ ਕੀਤੀ**

ਇਸ ਇਲਾਕੇ ਵਿੱਚ ਰਹਿਣ ਵਾਲੇ ਜ਼ਿਆਦਾਤਰ ਲੋਕ ਪੰਜਾਬੀ ਭਾਈਚਾਰੇ ਦੇ ਹਨ। ਇੱਥੇ ਜ਼ਿਆਦਾਤਰ ਆਬਾਦੀ ਉਨ੍ਹਾਂ ਲੋਕਾਂ ਦੀ ਹੈ ਜੋ 1947 ਵਿੱਚ ਭਾਰਤ ਦੀ ਵੰਡ ਤੋਂ ਬਾਅਦ ਪਾਕਿਸਤਾਨ ਤੋਂ ਦਿੱਲੀ ਆਏ ਸਨ।ਆਪਣੀ ਸ਼ਾਨਦਾਰ ਜਿੱਤ ਮਗਰੋਂ ਮਨਜਿੰਦਰ ਸਿਰਸਾ ਨੇ ਆਪਣੇ ਐਕਸ ਪਲੇਟਫ਼ਾਰਮ ਉੱਤੇ ਪੋਸਟ ਸਾਂਝੀ ਕਰਦਿਆਂ ਲਿਖਿਆ- ਵਾਹਿਗੁਰੂ ਦੇ ਆਸ਼ੀਰਵਾਦ ਅਤੇ ਲੋਕਾਂ ਦੇ ਅਟੁੱਟ ਸਮਰਥਨ ਨਾਲ, ਮੈਂ 18,190 ਵੋਟਾਂ ਨਾਲ ਜਿੱਤਿਆ ਹਾਂ। ਇਹ ਜਿੱਤ ਪੀਐਮ ਨਰਿੰਦਰ ਮੋਦੀ, ਗ੍ਰਹਿ ਮੰਤਰੀ ਅਮਿਤ ਸ਼ਾਹ ਤੇ ਜੇਪੀ ਨੱਢਾ ਨੂੰ ਸਮਰਪਤ। ਜਿਨ੍ਹਾਂ ਦੀ ਦੂਰਦਰਸ਼ੀ ਅਗਵਾਈ ਨੇ ਦਿੱਲੀ ਅਤੇ ਦੇਸ਼ ਨੂੰ ਮਜ਼ਬੂਤ ਕੀਤਾ ਹੈ। ਵੋਟਰਾਂ ਤੇ ਵਰਕਰਾਂ ਦਾ ਧਨਵਾਦ।

### ਸਾਬਕਾ ਮੁੱਖ ਮੰਤਰੀ ਮਹਿਬੂਬਾ ਮੁਫ਼ਤੀ ਤੇ ਉਨ੍ਹਾਂ ਦੀ ਧੀ ਨੂੰ ਘਰ ਵਿੱਚ ਕੀਤਾ ਗਿਆ ਨਜ਼ਰਬੰਦ





ਜੰਮੂ-ਕਸ਼ਮੀਰ, 8 ਫਰਵਰੀ (ਆਵਾਜ਼ਿ ਕੌਮ ਬਿਊਰੋ)-ਜੰਮੂ-ਕਸ਼ਮੀਰ ਦੀ ਸਾਬਕਾ ਮੁੱਖ ਮੰਤਰੀ ਮਹਿਬੂਬਾ ਮੁਫ਼ਤੀ ਦੀ ਧੀ ਇਲਤਿਜਾ ਮੁਫ਼ਤੀ ਨੇ ਦਾਅਵਾ ਕੀਤਾ ਹੈ ਕਿ ਉਨ੍ਹਾਂ ਨੂੰ ਅਤੇ ਉਨ੍ਹਾਂ ਦੀ ਮਾਂ ਨੂੰ ਘਰ ਵਿਚ ਨਜ਼ਰਬੰਦ ਕਰ ਦਿਤਾ ਗਿਆ ਹੈ। ਅਧਿਕਾਰੀਆਂ ਨੇ ਅਪਣੇ ਦਰਵਾਜ਼ੇ ਬੰਦ ਕਰ ਦਿਤੇ ਹਨ। ਇਲਤਿਜਾ ਨੇ ਸੋਸ਼ਲ ਮੀਡੀਆ ’ਤੇ ਘਰ ਦੇ ਬੰਦ ਦਰਵਾਜ਼ਿਆਂ ’ਤੇ ਲੱਗੇ ਤਾਲਿਆਂ ਦੀ ਇਕ ਫ਼ੋਟੋ ਸਾਂਝੀ ਕੀਤੀ ਹੈ। ਇਲਤਿਜਾ ਨੇ ਘਰ ਵਿਚ ਨਜ਼ਰਬੰਦੀ ਦਾ ਦਾਅਵਾ ਕਰਦੇ ਹੋਏ ਲਿਖਿਆ ਕਿ ਚੋਣਾਂ ਤੋਂ ਬਾਅਦ ਵੀ ਕਸ਼ਮੀਰ ਵਿਚ ਕੁੱਝ ਨਹੀਂ ਬਦਲਿਆ ਹੈ। ਹੁਣ ਤਾਂ ਪੀੜਤ ਪਰਵਾਰਾਂ ਨੂੰ ਦਿਲਾਸਾ ਦੇਣਾ ਵੀ ਅਪਰਾਧ ਮੰਨਿਆ ਜਾ ਰਿਹਾ ਹੈ। ਦਰਅਸਲ, ਮਹਿਬੂਬਾ (ਪੀਡੀਪੀ ਮੁਖੀ) ਸੋਪੋਰ ਵਿਚ ਵਸੀਮ ਮੀਰ ਦੇ ਪਰਵਾਰ ਨੂੰ ਮਿਲਣ ਜਾ ਰਹੀ ਸੀ।

### ਭਾਜਪਾ ਨੇ ਦਿੱਲੀ ’ਚ ਸ਼ਾਨਦਾਰ ਜਿੱਤ ਪ੍ਰਾਪਤ ਕਰਕੇ ਝੰਡਾ ਲਹਿਰਾਇਆ : ਛੀਨਾ



ਅੰਮ੍ਰਿਤਸਰ, 8 ਫਰਵਰੀ (ਆਵਾਜ਼ਿ ਕੌਮ ਬਿਊਰੋ)-ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਸ: ਰਜਿੰਦਰ ਮੋਹਨ ਸਿੰਘ ਛੀਨਾ ਨੇ ਅੱਜ ਦਿੱਲੀ ’ਚ ਆਮ ਆਦਮੀ ਪਾਰਟੀ ਨੂੰ ਮਾਤ ਦੇ ਕੇ ਭਾਰਤੀ ਜਨਤਾ ਪਾਰਟੀ ਦੀ ਸ਼ਾਨਦਾਰ ਜਿੱਤ ’ਤੇ ਖੁਸ਼ੀ ਜਾਹਿਰ ਕਰਦਿਆਂ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ, ਕੇਂਦਰੀ ਗ੍ਰਹਿ ਮੰਤਰੀ ਸ੍ਰੀ ਅਮਿਤ ਸ਼ਾਹ ਅਤੇ ਪ੍ਰਧਾਨ ਸ੍ਰੀ ਜੇ. ਪੀ. ਨੱਢਾ ਨੂੰ ਵਧਾਈ ਦਿੱਤੀ। ਉਨ੍ਹਾਂ ਨੇ ਕਿਹਾ ਕਿ ਇਹ ਚੋਣਾਂ ਵਿਕਾਸ ਦੇ ਮੁੱਦੇ ’ਤੇ ਲੜੀਆਂ ਗਈਆਂ ਸੀ ਅਤੇ ਦਿੱਲੀ ਦੇ ਲੋਕਾਂ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਪਾਰਟੀ ਨੂੰ ਜਿਤਾ ਕੇ ਉਨ੍ਹਾਂ ਦੀ ਦੂਰਅੰਦੇਸ਼ੀ ਸੋਚ ’ਤੇ ਪਹਿਰਾ ਦਿੱਤਾ ਹੈ।

# AWAZE QAUM TOUR & TRAVEL UK &
## SINGH TRAVEL CANADA JATHA

15 ਸਾਲ ਤੋਂ ਸੰਗਤਾਂ ਦੀ ਸੇਵਾ ਕਰ ਰਹੇ ਹਾਂ - YATRA SEWA SINCE 2010


# YATRA NANKANA SAHIB

WE WILL ALSO BE VISITING 25+ GURDWARA'S AND HISTORICAL PLACES

## 20 FEBRUARY TO 27 FEBRUARY, 2025

UK, EUROPE, ITALY, CANADA, USA SANGAT CAN JOIN OUR JATHA WITH FAMILIES & FRIENDS






### YATRA INCLUDES:

- GURDWARA NANKANA SAHIB
- GURDWARA PATTI SAHIB
- GURDWARA TAMBU SAHIB
- GURDWARA KIARA SAHIB
- GURDWARA MALJI SAHIB
- GURDWARA BAL LILA SAHIB
- GURDWARA SACHA SAUDA
- GURDWARA RORI SAHIB
- GURDWARA PANJA SAHIB
- GURDWARA BEBE DI BER SIALKOT
- GURDWARA DERA SAHIB
- JANAM ASTHAN BEBE NANKI JI
- BHAI LALU JI DA GHAR
- JANAM ASTHAN GURU RAMDAS JI
- GURDWARA SHRI KARTARPUR SAHIB
- GURDWARA SHAHEED GANJ LAHORE
- MATA SAHIB KAUR JI JANAM ASTHAN
- DARBAR SAI MIAN MIR JI
- SHAHI QILA (SIKH FORT)
- SHOPPING AT ANARKALI BAZAR

Yatra Booking, Please contact:

**RAGHBIR SINGH**


**Tel: +44 7976 210161**

### YATRA PACKAGE INCLUDES:

PAKISTAN VISA + HOTEL (TWIN SHARED) + LUXURY TRANSPORT + VEG FOOD + MINERAL WATER + TRIP YATRA PHOTO & VIDEOS + WiFi & MUCH MORE

**CANADA. +1 647-231-1600 - USA. +1 716-342-6007**

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net

ਦਮਦਮੀ ਟਕਸਾਲ
ਨਾਮ ਜਪੋ / ਕਿਰਤ ਕਰੋ / ਵੰਡ ਛਕੋ
Naam Japo / Kirat Karo / Vand Shako
ਜਥਾ ਭਿੰਡਰਾਂ (ਮਹਿਤਾ)
www.damdamitaksal.net
ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH
ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243




ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਤੇਰੇ ਜਨ ਪਰਉਪਕਾਰੀ ਆਏ

ਸੇਵਾਪੰਥੀ ਅੱਡਣਸ਼ਾਹੀ ਸੰਪ੍ਰਦਾਇ ਦੇ ਭੂਸ਼ਣ ਮਹਾਂਪੁਰਸ਼
ਸਚਖੰਡਵਾਸੀ ਮਹੰਤ ਤੀਰਥ ਸਿੰਘ ਜੀ ਗੋਨਿਆਣਾ ਮੰਡੀ ਵਾਲਿਆਂ ਦੇ
100 ਸਾਲਾ ਜਨਮ ਦਿਹਾੜੇ ਨੂੰ ਸਮਰਪਿਤ



ਸਚਖੰਡਵਾਸੀ
ਮਹੰਤ ਤੀਰਥ ਸਿੰਘ ਜੀ ਗੋਨਿਆਣਾ ਮੰਡੀ

51 ਬੇਟੀਆਂ ਦੇ ਸਮੂੰਹਿਕ ਆਨੰਦ ਕਾਰਜ

ਮਿਤੀ - 12 ਫਰਵਰੀ 2025 ਨੂੰ ਕਰਵਾਏ ਜਾ ਰਹੇ ਹਨ।
ਸਭਾਗੀਆਂ ਬੱਚੀਆਂ ਨੂੰ ਘਰ ਵਿੱਚ ਵਰਤੋਂ ਵਿਹਾਰ ਦਾ ਸਾਜੋ ਸਮਾਨ ਦੇ ਕੇ ਸਤਿਕਾਰ ਸਹਿਤ ਵਿਦਾ ਕੀਤਾ ਜਾਵੇਗਾ।

ਸੁਭਾਗੀਆਂ ਜੋੜੀਆਂ ਦੇ ਪਰਿਵਾਰ ਇਹਨਾਂ ਨੰਬਰਾਂ ਤੇ ਸੰਪਰਕ ਕਰਨ - 7901754636, 9306060960, 8146806395, 8054055473



ਮਹੰਤ ਕਾਹਨ ਸਿੰਘ ਸੇਵਾਪੰਥੀ



ਸੰਤ ਰਣਜੀਤ ਸਿੰਘ ਸੇਵਾਪੰਥੀ

ਵਿਸ਼ੇਸ਼ ਸਹਿਯੋਗ -
ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ
ਚੇਅਰਮੈਨ, ਸੁੱਖ ਸੇਵਾ ਸਿਮਰਨ ਟਰਸੱਟ,
ਚੇਅਰਮੈਨ, ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ



ਬੇਨਤੀ ਕਰਤਾ - ਮਹੰਤ ਕਾਹਨ ਸਿੰਘ ਜੀ ਸੇਵਾਪੰਥੀ,ਸੰਤ ਰਣਜੀਤ ਸਿੰਘ ਜੀ ਸੇਵਾਪੰਥੀ ਟਿਕਾਣਾ ਭਾਈ ਜਗਤਾ ਜੀ ਗੋਨਿਆਣਾ ਮੰਡੀ ਬਠਿੰਡਾ ਪੰਜਾਬ


ਧੰਨ ਧੰਨ ਮਾਤਾ ਗੁਜ਼ਰ ਕੌਰ ਜੀ ਦੀ 400 ਸਾਲਾ ਜਨਮ ਸ਼ਤਾਬਦੀ ਨੂੰ ਸਮਰਪਿਤ
ਸਲਾਨਾ ਗੁਰਮਤਿ ਸਮਾਗਮ
21 ਲੋੜਵੰਦ ਪ੍ਰੀਵਾਰਾਂ ਦੀਆਂ ਲੜਕੀਆਂ ਦੇ ਵਿਆਹ
ਸਥਾਨ - ਗੁਰਦੁਆਰਾ ਸ਼੍ਰੀ ਗੁਰੂ ਗ੍ਰੰਥਸਰ ਦਾਦੂ ਸਾਹਿਬ ਨੇੜੇ ਕਾਲਾਂਵਾਲੀ ਮੰਡੀ, ਜ਼ਿਲ੍ਹਾ ਸਿਰਸਾ (ਹਰਿਆਣਾ) ਵਿਖੇ
ਮਹਾਨ ਨਗਰ ਕੀਰਤਨ
ਮਿਤੀ 22 ਫਰਵਰੀ 2025
ਸਵੇਰੇ 10 ਤੋਂ ਸ਼ਾਮ 5 ਵਜੇ ਤੱਕ
ਅਨੰਦ ਕਾਰਜ ਅਤੇ ਗੁਰਮਤਿ ਸਮਾਗਮ
ਮਿਤੀ 23 ਫਰਵਰੀ 2025
ਸਵੇਰੇ 10 ਤੋਂ ਦੁਪਹਿਰ 3 ਵਜੇ ਤੱਕ
LIVE ON
Akaal
CHARDIKLA TIME TV
Mr. Singh Production
ਆਵਾਜ਼ਿ ਕੌਮ AWAZE QAUM TV
YouTube
ਪ੍ਰਸਿੱਧ ਸਮਾਜਸੇਵੀ ਹਰਵਿੰਦਰ ਸਿੰਘ ਹੈਰੀ ਘੁਮਾਣ USA, ਸ੍ਰੀ ਗੌਰਵ ਧੀਮਾਨ ਰਾਜਪੁਰਾ,
ਅਟਾਰਨੀ ਸ਼ੁਬੇਗ ਸਿੰਘ ਮੁਲਤਾਨੀ USA, ਸ. ਸੁਖਦੀਪ ਸਿੰਘ ਓਬਰਾਏ ਚੰਡੀਗੜ,
ਜਥੇਦਾਰ ਚਰਨ ਸਿੰਘ ਪ੍ਰੇਮਪੁਰਾ USA, ਪਦਮ ਸ੍ਰੀ ਜਗਜੀਤ ਸਿੰਘ ਦਰਦੀ ਚੜਦੀਕਲਾ ਗਰੁੱਪ
ਦਾ ਵਿਸ਼ੇਸ਼ ਸਨਮਾਨ ਕੀਤਾ ਜਾਵੇਗਾ ।
ਹਰ ਸਾਲ ਦੀ ਤਰਾਂ ਬੱਚੀਆਂ ਨੂੰ ਘਰ ਦੇ ਵਰਤੋਂ ਵਿਹਾਰ ਦਾ ਲੋੜੀਂਦਾ
ਸਾਜੋ ਸਮਾਨ ਦੇ ਕੇ ਵਿਦਾ ਕੀਤਾ ਜਾਵੇਗਾ
ਨੋਟ: ਗੁਰੂ ਕਾ ਲੰਗਰ ਅਟੁੱਟ ਵਰਤੇਗਾ
ਸੰਪਰਕ ਨੰ: 93560-60960, 93560-60953
ਬੇਨਤੀ ਕਰਤਾ -
ਜਥੇਦਾਰ ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ ਸੁੱਖ ਸੇਵਾ ਸਿਮਰਨ ਟਰਸੱਟ
ਚੇਅਰਮੈਨ,ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਪ੍ਰਧਾਨ, ਸ਼੍ਰੋਮਣੀ ਅਕਾਲੀ ਦਲ ਆਜ਼ਾਦ ਅਤੇ ਸਮੂੰਹ ਸਾਧ ਸੰਗਤ


ੴ ਸ੍ਰੀ ਵਾਹਿਗੁਰੂ ਜੀ ਕੀ ਫਤਿਹ
ਟਿਕਾਣਾ ਭਾਈ ਜਗਤਾ ਜੀ ਸਾਹਿਬ ਗੋਨਿਆਣਾ ਮੰਡੀ (ਬਠਿੰਡਾ)
100 ਸਾਲਾ ਜਨਮ ਦਿਹਾੜਾ ਸ਼ਤਾਬਦੀ
ਮਿਤੀ 12 ਫਰਵਰੀ 2025
ਲੋੜਵੰਦ ਲੜਕੀਆਂ ਦੇ ਆਨੰਦ ਕਾਰਜ ਅਤੇ ਮਹਾਨ ਕੀਰਤਨ ਦਰਬਾਰ ਤੇ ਸੰਤ ਸਮਾਗਮ
ਮਿਤੀ 10 ਫਰਵਰੀ 2025 ਦਿਨ ਸੋਮਵਾਰ ਨੂੰ ਸ੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ ਸਵੇਰੇ 9 ਵਜੇ ਹੋਵੇਗੀ।
ਮਿਤੀ 11 ਫਰਵਰੀ 2025 ਦਿਨ ਮੰਗਲਵਾਰ ਨੂੰ ਮਹਾਨ ਕੀਰਤਨ ਦਰਬਾਰ ਰਾਤ ਦੇ ਦੀਵਾਨ ਸਮਾਂ ਸ਼ਾਮ 6 ਵਜੇ ਤੋਂ 10.30 ਤੱਕ ਭਾਈ ਆਸਾ ਸਿੰਘ ਗਰਲਜ਼ ਕਾਲਜ ਵਿਖੇ ਹੋਣਗੇ।
ਸੱਚਖੰਡਵਾਸੀ ਸ੍ਰੀਮਾਨ 108 ਮਹੰਤ ਤੀਰਥ ਸਿੰਘ ਜੀ (ਸੇਵਾਪੰਥੀ)
ਮਿਤੀ 12 ਫਰਵਰੀ 2025 ਦਿਨ ਬੁੱਧਵਾਰ ਨੂੰ ਸ੍ਰੀ ਅਖੰਡ ਪਾਠ ਸਾਹਿਬ ਦੀ ਸਮਾਪਤੀ ਸਵੇਰੇ 10 ਵਜੇ ਟਿਕਾਣਾ ਸਾਹਿਬ ਵਿਖੇ ਹੋਵੇਗੀ
ਮਿਤੀ 12 ਫਰਵਰੀ 2025 ਦਿਨ ਬੁੱਧਵਾਰ ਨੂੰ ਲੋੜਵੰਦ ਲੜਕੀਆਂ ਦੇ ਆਨੰਦ ਕਾਰਜ ਅਤੇ ਸੰਤ ਸਮਾਗਮ ਭਾਈ ਆਸਾ ਸਿੰਘ ਗਰਲਜ਼ ਕਾਲਜ ਵਿਖੇ ਹੋਣਗੇ।
ਸਥਾਨ: ਮਹੰਤ ਤੀਰਥ ਸਿੰਘ ਸੇਵਾ ਪੰਥੀ ਜੀ ਦੇ ਯਾਦਗਾਰ ਅਸਥਾਨ ਭਾਈ ਆਸਾ ਸਿੰਘ ਗਰਲਜ਼ ਕਾਲਜ ਗੋਨਿਆਣਾ ਬਠਿੰਡਾ (ਪੰਜਾਬ)
LIVE
Mr. Singh Production
ਸਮੂਹ ਸਾਧ ਸੰਗਤ ਇਸ ਸਮਾਗਮ ਵਿੱਚ ਹਾਜਰੀ ਲਵਾਕੇ ਆਪਣਾ ਜੀਵਨ ਸਫਲਾ ਕਰੋ ਜੀ।
ਮਿਤੀ: 12 ਫਰਵਰੀ ਨੂੰ ਅੱਖਾਂ ਦਾ ਫਰੀ ਚੈਕਅੱਪ ਅਤੇ ਅਪ੍ਰੇਸ਼ਨ ਕੈਂਪ ਲਗਾਇਆ ਜਾਵੇਗਾ
ਸਥਾਨ: ਭਾਈ ਆਸਾ ਸਿੰਘ ਗਰਲਜ਼ ਕਾਲਜ ਗੋਨਿਆਣਾ ਮੰਡੀ (ਬਠਿੰਡਾ)
ਸਟੇਜ ਦੀ ਸੇਵਾ: ਸੰਤ ਹਰਵਿੰਦਰ ਸਿੰਘ ਜੀ (ਟੀਟੂ) ਕਰਨਗੇ।
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:
98140-04503, 98140-35191
ਗੁਰੂ ਕਾ ਲੰਗਰ ਅਟੁੱਟ ਵਰਤੇਗਾ
ਸੰਤ ਰਣਜੀਤ ਸਿੰਘ ਜੀ


ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ
ਵਾਲਿਆਂ ਦੇ ਜਨਮ ਅਸਥਾਨ ਗੁ: ਸੰਤ ਖਾਲਸਾ ਪਿੰਡ ਰੋਡੇ ਵਿਖੇ
ਸਲਾਨਾ ਮਹਾਨ
ਗੁਰਮਤਿ ਸਮਾਗਮ
ਮਿਤੀ 16 ਫਰਵਰੀ ਤੋਂ 22 ਫਰਵਰੀ 2025 ਤੱਕ-ਸਮਾਂ ਸ਼ਾਮ 4 ਵਜੇ ਤੋਂ ਸ਼ਾਮ 6 ਵਜੇ ਤੱਕ
ਵਿਸ਼ੇਸ਼ ਤੌਰ ਤੇ ਪਹੁੰਚ ਰਹੇ ਸਿੰਘ ਸਾਹਿਬਾਨ ਅਤੇ ਮਹਾਂਪੁਰਸ਼
16, 17 ਫਰਵਰੀ
19 ਫਰਵਰੀ
20 ਫਰਵਰੀ
21 ਫਰਵਰੀ
22 ਫਰਵਰੀ
22 ਫਰਵਰੀ
ਨਗਰ ਕੀਰਤਨ
18 ਫਰਵਰੀ 2025 ਦਿਨ ਮੰਗਲਵਾਰ
ਕਵੀਸ਼ਰੀ ਜੱਥਾ ਜਗਜੀਵਨ ਸਿੰਘ ਰੋਡਿਆਂ ਵਾਲੇ
ਇੱਥੇ ਵਿੱਦਿਆਰਥੀਆਂ ਨੂੰ ਗੁਰਬਾਣੀ ਦੀ ਸੰਥਿਆ ਅਤੇ ਕਥਾ, ਕੀਰਤਨ ਦੀ ਸਿਖਲਾਈ ਵੀ ਦਿੱਤੀ ਜਾਂਦੀ ਹੈ।
ਵਿਸ਼ੇਸ਼ ਨੋਟ: ਹਰ ਸੰਗਰਾਂਦ ਵਾਲੇ ਦਿਨ ਅੰਮ੍ਰਿਤ ਸੰਚਾਰ ਹੁੰਦਾ ਹੈ ਜੀ (ਸਮਾਂ ਸਵੇਰੇ 10:00 ਵਜੇ)
ਬੇਨਤੀ ਕਰਤਾ:- ਸਮੂਹ ਨਗਰ ਨਿਵਾਸੀ, ਨਗਰ ਪੰਚਾਇਤਾਂ ਅਤੇ NRI ਵੀਰ
M. 99157-09468, 97815-52538, 98140-29018


ਨਾਨਕ ਨਾਮ ਚੜ੍ਹਦੀਕਲਾ, ਤੇਰੇ ਭਾਣੇ ਸਰਬੱਤ ਦਾ ਭਲਾ
ਲੋੜਵੰਦ ਪਰਿਵਾਰਾਂ ਦੀਆਂ
72 ਬੱਚੀਆਂ ਦੇ ਸਮੂਹਿਕ ਆਨੰਦ ਕਾਰਜ
51 ਬੱਚੀਆਂ ਦੇ ਅਨੰਦ ਕਾਰਜ
ਮਿਤੀ 12 ਫਰਵਰੀ 2025
ਸਥਾਨ:-
ਟਿਕਾਣਾ ਭਾਈ ਜਗਤਾ ਜੀ ਗੋਨਿਆਣਾ ਮੰਡੀ ਬਠਿੰਡਾ
21 ਬੱਚੀਆਂ ਦੇ ਅਨੰਦ ਕਾਰਜ
ਮਿਤੀ 23 ਫਰਵਰੀ 2025
ਸਥਾਨ:-
ਗੁਰਦੁਆਰਾ ਗੁਰੂ ਗ੍ਰੰਥਸਰ ਦਾਦੂ ਸਾਹਿਬ ਸਿਰਸਾ
ਹਰ ਸਾਲ ਦੀ ਤਰਾਂ ਬੱਚੀਆਂ ਨੂੰ ਘਰ ਦੇ ਵਰਤੋਂ ਵਿਹਾਰ ਦਾ ਲੋੜੀਂਦਾ
ਸਾਜੋ ਸਮਾਨ ਦੇ ਕੇ ਵਿਦਾ ਕੀਤਾ ਜਾਵੇਗਾ
ਗੁਰੂ ਕਾ ਲੰਗਰ ਅਤੁੱਟ ਵਰਤੇਗਾ
ਬੱਚੀਆਂ ਦੇ ਨਾਮ ਦਰਜ ਕਰਾਉਣ ਲਈ ਹੇਠ ਲਿਖੇ
ਨੰਬਰਾਂ ਤੇ ਸੰਪਰਕ ਕੀਤਾ ਜਾਵੇ ਜੀ
93560-60960, 81468-06395, 80540-55473
ਬੇਨਤੀ ਕਰਤਾ -
ਜਥੇਦਾਰ ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ ਸੁੱਖ ਸੇਵਾ ਸਿਮਰਨ ਟਰੱਸਟ
ਚੇਅਰਮੈਨ, ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਪ੍ਰਧਾਨ, ਸ਼੍ਰੋਮਣੀ ਅਕਾਲੀ ਦਲ ਆਜ਼ਾਦ ਅਤੇ ਸਮੂੰਹ ਸਾਧ ਸੰਗਤ

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਗੁਰਮਤਿ ਸਮਾਗਮ

☛ ਜਨਮ ਦਿਹਾੜਾ ਬਾਬਾ ਅਣੀ ਰਾਇ ਸਾਹਿਬ ਜੀ

☛ ਮਹਾਨ ਸ਼ਹੀਦੀਆਂ ਵੱਡਾ ਘੱਲੂਘਾਰਾ

• ਭਾਈ ਸੰਦੀਪ ਸਿੰਘ ਉਰਫ਼ (ਦੀਪ ਸਿੱਧੂ) ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ।





ਢਾਡੀ ਜਥਾ ਗਿਆਨੀ ਸੁਖਵੀਰ ਸਿੰਘ ਭੌਰ ਇਟਲੀ ਵਾਲੇ

ਸ਼ਨਿੱਚਰਵਾਰ 8 ਫਰਵਰੀ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ।

ਐਤਵਾਰ 9 ਫਰਵਰੀ 2025 ਨੂੰ 6:30 ਵਜੇ ਸਵੇਰੇ ਚੋਪਹਿਰੇ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9: 30 ਵਜੇ ਭੋਗ ਪੈਣਗੇ ਉਪਰੰਤ 12:30 ਵਜੇ ਤੱਕ ਦੀਵਾਨ ਸਜਣਗੇ।

ਢਾਡੀ ਜਥਾ ਗਿਆਨੀ ਸੁਖਵੀਰ ਸਿੰਘ ਭੌਰ ਵਾਰਾਂ ਰਾਹੀਂ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਸ੍ਰੀ ਅਖੰਡ ਪਾਠ ਸਾਹਿਬ ਦੀ ਅਰੰਭਤਾ 7 ਫਰਵਰੀ ਸ਼ੁੱਕਰਵਾਰ 10;00 ਵਜੇ ਹੋਵੇਗੀ 9 ਫਰਵਰੀ ਐਤਵਾਰ 10:00 ਵਜੇ ਪੈਣਗੇ ਇਸ ਸਾਰੀ ਸੇਵਾ ਇਲਾਕੇ ਦੇ ਨੌਜਵਾਨਾਂ ਵੱਲੋਂ ਲਈ ਗਈ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

ਸਾਧ ਸੰਗਤ, ਪ੍ਰਬੰਧਕ ਕਮੇਟੀ
ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ । ਆਪਣਾ ਕੀਮਤੀ ਸਮਾਂ ਕੱਢਕੇ ਇੰਨਾਂ ਸਮਾਗਮਾ ਵਿਚ ਪੁਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

Gurdwara Sahib Shaeed Baba Deep Singh ji Damdami Taksaal
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

## ਇੱਕ ਨਜ਼ਰ...



# ਦਿੱਲੀ ਵਿੱਚ ਬੀ.ਜੇ.ਪੀ. ਦੀ ਜਿੱਤ ਤੇ ਹਠੂਰ ਵਿੱਚ ਆਗੂਆਂ ਅਤੇ ਵਰਕਰਾਂ ਨੇ ਵੰਡੇ ਲੱਡੂ

### ਦਿੱਲੀ ਵਿੱਚ ਬੀ ਜੇ ਪੀ ਦੀ ਹੋਈ ਇਤਿਹਾਸਿਕ ਜਿੱਤ, 2027 ਵਿੱਚ ਪੰਜਾਬ ਵਿੱਚ ਵੀ ਬੀ ਜੇ ਪੀ ਮਾਰੇਗੀ ਬਾਜ਼ੀ : ਮੰਡਲ ਪ੍ਰਧਾਨ

ਹਠੂਰ, ਜਗਰਾਉਂ, 8 ਫਰਵਰੀ (ਵਰਿਆਮ ਹਠੂਰ)- ਦਿੱਲੀ ਵਿੱਚ ਹੋਈਆਂ ਚੋਣਾਂ ਵਿੱਚ ਬੀ ਜੇ ਪੀ ਦੀ ਹੋਈ ਇਤਿਹਾਸਕ ਜਿੱਤ ਦੀ ਖੁਸ਼ੀ ਵਿੱਚ ਇਤਿਹਾਸਕ ਕਸਬਾ ਹਠੂਰ ਵਿੱਚ ਮੰਡਲ ਹਠੂਰ ਦੇ ਪ੍ਰਧਾਨ ਅਮਰਪ੍ਰੀਤ ਸਿੰਘ ਲਾਡੀ ਹਠੂਰ ਦੀ ਅਗਵਾਈ ਵਿੱਚ ਆਗੂਆਂ ਅਤੇ ਵਰਕਰਾਂ ਨੇ ਲੱਡੂ ਵੰਡ ਕੇ ਖੁਸ਼ੀ ਸਾਂਝੀ ਕੀਤੀ ਤੇ ਮੰਡਲ ਹਠੂਰ ਦੇ ਪ੍ਰਧਾਨ ਅਮਰਪ੍ਰੀਤ ਸਿੰਘ ਲਾਡੀ ਹਠੂਰ ਦਾ ਮੂੰਹ ਮਿੱਠਾ ਕਰਵਾਇਆ ਤੇ ਬੀ ਜੇ ਪੀ ਜ਼ਿੰਦਾਬਾਦ ਦੇ ਨਾਅਰੇ ਵੀ ਲਗਾਏ, ਗੱਲਬਾਤ ਕਰਦਿਆਂ ਮੰਡਲ ਪ੍ਰਧਾਨ ਅਮਰਪ੍ਰੀਤ ਸਿੰਘ ਲਾਡੀ ਹਠੂਰ ਨੇ ਕਿਹਾ ਕਿ ਦਿੱਲੀ ਵਿੱਚ ਆਮ ਆਦਮੀ ਪਾਰਟੀ ਦਾ ਝਾੜੂ ਖਿੱਲਰ ਗਿਆ ਹੈ। ਤੇ ਆਮ ਆਦਮੀ ਪਾਰਟੀ ਦੇ ਚਰਚਿਤ ਚਿਹਰਿਆਂ ਨੂੰ ਹਾਰ ਦਾ ਮੂੰਹ ਵੇਖਣ ਪਿਆ, ਕਿਉਂਕਿ ਆਮ ਆਦਮੀ ਪਾਰਟੀ ਨੇ ਝੂਠ ਦੀ ਬੁਨਿਆਦ ਤੇ ਸੱਤਾ ਹਾਸਲ ਕੀਤੀ ਸੀ। ਉਨ੍ਹਾਂ ਅੱਗੇ ਕਿਹਾ ਕਿ ਜਿਸ ਤਰ੍ਹਾਂ ਦਿੱਲੀ ਵਿੱਚ ਬੀ ਜੇ ਪੀ ਦੀ ਇਤਿਹਾਸਕ ਜਿੱਤ ਹੋਈ ਹੈ। ਉਸੇ ਤਰ੍ਹਾਂ ਪੰਜਾਬ ਵਿੱਚ ਵੀ 2027 ਦੀਆਂ ਚੋਣਾਂ ਵਿੱਚ ਬੀ ਜੇ ਪੀ ਦੀ ਸਰਕਾਰ ਹੋਵੇਗੀ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਦੇ ਕੀਤੇ ਹੋਏ ਕੰਮਾਂ ਕਾਰਾਂ ਤੇ ਸੋਚ ਤੋਂ ਪ੍ਰਭਾਵਿਤ ਹੋ ਕੇ ਪੰਜਾਬ ਵਿੱਚ ਵੀ ਬੀ ਜੇ ਪੀ ਦੀਆਂ ਜੜ੍ਹਾਂ ਹੋਰ ਮਜ਼ਬੂਤ ਹੋ ਰਹੀਆਂ ਹਨ। ਤੇ ਲਗਾਤਾਰ ਲੋਕ ਬੀ ਜੇ ਪੀ ਨਾਲ ਜੁੜ ਰਹੇ ਹਨ। ਉਨ੍ਹਾਂ ਕਿਹਾ ਕਿ ਬੀ ਜੇ ਪੀ ਦੇ ਮਿਹਨਤੀ ਆਗੂ ਲਗਾਤਾਰ ਪਿੰਡਾਂ, ਸ਼ਹਿਰਾਂ, ਅਤੇ ਕਸਬਿਆਂ ਵਿੱਚ ਮਿਹਨਤ ਕਰ ਰਹੇ ਹਨ ਤੇ ਲੋਕਾਂ ਨੂੰ ਬੀ ਜੇ ਪੀ ਦੀਆਂ ਨੀਤੀਆਂ ਅਤੇ ਸ਼ੁਰੂ ਕੀਤੀਆਂ ਸਕੀਮਾਂ ਬਾਰੇ ਜਾਗਰੂਕ ਕਰ ਰਹੇ ਹਨ। ਅੰਤ ਵਿੱਚ ਉਨ੍ਹਾਂ ਬੀ ਜੇ ਪੀ ਦੇ ਸਾਰੇ ਆਗੂਆਂ ਅਤੇ ਵਰਕਰਾਂ ਨੂੰ ਦਿੱਲੀ ਦੀਆਂ ਚੋਣਾਂ ਵਿੱਚ ਜਿੱਤ ਦੀ ਵਧਾਈ ਦਿੱਤੀ, ਇਸ ਮੌਕੇ ਮੰਡਲ ਪ੍ਰਧਾਨ ਅਮਰਪ੍ਰੀਤ ਸਿੰਘ ਲਾਡੀ ਹਠੂਰ, ਜਨਰਲ ਸਕੱਤਰ ਹਰਪਾਲ ਸਿੰਘ ਪਾਲਾ ਹਠੂਰ, ਜ਼ਿਲ੍ਹਾ ਸੈਕਟਰੀ ਕੇਵਲ ਸਿੰਘ ਹਠੂਰ, ਬੀ ਜੇ ਪੀ ਆਗੂ ਚੌਧਰੀ ਬੂੜਾ ਸਿੰਘ ਹਠੂਰ, ਸਾਬਕਾ ਜਨਰਲ ਸਕੱਤਰ ਗੁਰਜੰਟ ਸਿੰਘ ਹਠੂਰ, ਸਾਬਕਾ ਮੰਡਲ ਪ੍ਰਧਾਨ ਰਣਯੋਧ ਸਿੰਘ ਹਠੂਰ, ਜੋਗਿੰਦਰ ਸਿੰਘ ਕਾਲਾ ਵਾਸੀ ਹਠੂਰ, ਜਸਮੇਲ ਸਿੰਘ ਲੱਖਾ, ਜਗਸੀਰ ਸਿੰਘ ਸੀਰਾ ਚਕਰ, ਗਿਆਨੀ ਹਰਵਿੰਦਰ ਸਿੰਘ, ਵੈਦ ਵਰਿੰਦਰਜੀਤ ਸਿੰਘ ਰਾਮਾ ਆਦਿ ਹਾਜ਼ਰ ਸਨ।

# ਐਸ.ਡੀ.ਐਮ ਵਿਕਾਸ ਹੀਰਾ ਦੀ ਅਗਵਾਈ ਹੇਠਲੀ ਟੀਮ ਵੱਲੋਂ ਪਿੰਡ ਦੌਲਤਪੁਰ ਦਾ ਦੌਰਾ

### ਐਸ.ਟੀ.ਪੀ ਸਬੰਧੀ ਤੱਥ ਅਧਾਰਿਤ ਜਾਣਕਾਰੀ ਪਿੰਡ ਵਾਸੀਆਂ ਨਾਲ ਕੀਤੀ ਸਾਂਝੀ



ਧੂਰੀ, 8 ਫਰਵਰੀ (ਰਣਜੀਤ ਸਿੰਘ ਪੇਧਨੀ)- ਧੂਰੀ ਨੇੜਲੇ ਪਿੰਡ ਦੌਲਤਪੁਰ ਵਿਖੇ ਸੀਵਰੇਜ਼ ਟ੍ਰੀਟਮੈਂਟ ਪਲਾਂਟ (ਐਸ.ਟੀ.ਪੀ) ਲਈ ਜ਼ਮੀਨ ਪ੍ਰਾਪਤੀ ਦੇ ਸਮਾਜਿਕ ਪ੍ਰਭਾਵ ਦਾ ਮੁਲਾਂਕਣ ਕਰਨ ਲਈ ਉਪ ਮੰਡਲ ਮੈਜਿਸਟਰੇਟ ਧੂਰੀ ਵਿਕਾਸ ਹੀਰਾ ਵੱਲੋਂ ਨਗਰ ਕੌਂਸਲ ਧੂਰੀ ਦੇ ਕਾਰਜ ਸਾਧਕ ਅਫਸਰ ਗੁਰਿੰਦਰ ਸਿੰਘ, ਐਸ.ਡੀ.ਈ ਮਨਜੀਤ ਸਿੰਘ ਅਤੇ ਪੰਜਾਬੀ ਯੂਨੀਵਰਸਿਟੀ ਪਟਿਆਲਾ ਸਟੇਟ ਸੋਸ਼ਲ ਇੰਮਪੈਕਟ ਅਸੈਸਮੈਂਟ ਅਥਾਰਟੀ ਟੀਮ ਸਮੇਤ ਸਾਂਝੇ ਤੌਰ ਉੱਤੇ ਪਿੰਡ ਦੇ ਪਤਵੰਤੇ ਵਿਅਕਤੀਆਂ ਦੀ ਹਾਜ਼ਰੀ ਵਿੱਚ ਮੌਕਾ ਵੇਖਿਆ ਗਿਆ ਅਤੇ ਪਿੰਡ ਵਾਸੀਆਂ ਨਾਲ ਵਿਸਥਾਰ ਵਿੱਚ ਗੱਲਬਾਤ ਕੀਤੀ ਗਈ। ਦੌਰਾ ਕਰਨ ਵਾਲੀ ਟੀਮ ਨੇ ਇਸ ਮੌਕੇ ਪਿੰਡ ਵਾਸੀਆਂ ਨੂੰ ਸੀਵਰੇਜ਼ ਟ੍ਰੀਟਮੈਂਟ ਪਲਾਂਟ ਸਬੰਧੀ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਸੀਵਰੇਜ਼ ਟ੍ਰੀਟਮੈਂਟ ਪਲਾਂਟ ਰਾਹੀਂ ਸੋਧਿਆ ਹੋਇਆ ਪਾਣੀ ਫਸਲਾਂ ਦੀ ਪੈਦਾਵਾਰ ਅਤੇ ਹੋਰ ਵਸੀਲਿਆਂ ਲਈ ਵਰਤਿਆ ਜਾ ਸਕਦਾ ਹੈ। ਇਸ ਉਪਰੰਤ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਡਾ. ਸੂਦ ਵੱਲੋਂ ਸੋਸ਼ਲ ਇੰਮਪੈਕਟ ਵਿੱਚ ਦਰਜ ਤੱਥਾਂ ਬਾਰੇ ਮੁਕੰਮਲ ਤੌਰ ਤੇ ਪਿੰਡ ਵਾਸੀਆਂ ਨੂੰ ਜਾਣਕਾਰੀ ਦਿੱਤੀ ਗਈ ਅਤੇ ਮਨਜੀਤ ਸਿੰਘ ਐਸ.ਡੀ.ਈ ਵੱਲੋਂ ਸੀਵਰੇਜ਼ ਪਲਾਂਟ ਤੋਂ ਬਦਬੂ ਨਾ ਫੈਲਣ ਸਬੰਧੀ ਜਾਣਕਾਰੀ ਪ੍ਰਦਾਨ ਕੀਤੀ ਗਈ। ਐਸ.ਡੀ.ਐਮ ਧੂਰੀ ਵਿਕਾਸ ਹੀਰਾ ਨੇ ਦੱਸਿਆ ਕਿ ਜੇਕਰ ਪਿੰਡ ਦੀ ਪੰਚਾਇਤ ਕਿਸੇ ਸੀਵਰੇਜ਼ ਟ੍ਰੀਟਮੈਂਟ ਪਲਾਂਟ ਦੀ ਕਾਰਜ ਪ੍ਰਣਾਲੀ ਨੂੰ ਦੇਖਣ ਲਈ ਅਗੇਤੇ ਤੌਰ ਉੱਤੇ ਦੌਰਾ ਕਰਨਾ ਚਾਹੁੰਦੀ ਹੈ ਤਾਂ ਉਨ੍ਹਾਂ ਨੂੰ ਸਰਕਾਰ ਦੇ ਖਰਚੇ ਉਤੇ ਸੀਵਰੇਜ਼ ਟ੍ਰੀਟਮੈਂਟ ਪਲਾਂਟ ਦਿਖਾਇਆ ਜਾਵੇਗਾ। ਐਸ.ਡੀ.ਐਮ ਵਿਕਾਸ ਹੀਰਾ ਨੇ ਦੱਸਿਆ ਕਿ ਪਿੰਡ ਵਾਸੀਆਂ ਨਾਲ ਸੀਵਰੇਜ ਟ੍ਰੀਟਮੈਂਟ ਪਲਾਂਟ ਬਾਰੇ ਤੱਥ ਅਧਾਰਿਤ ਜਾਣਕਾਰੀ ਸਾਂਝੀ ਕਰਨ ਦੇ ਉਦੇਸ਼ ਨਾਲ ਮਾਹਿਰਾਂ ਦੀ ਟੀਮ ਸਮੇਤ ਦੌਰਾ ਕੀਤਾ ਗਿਆ ਹੈ ਅਤੇ ਪਿੰਡ ਵਾਸੀਆਂ ਨਾਲ ਗੱਲਬਾਤ ਮਗਰੋਂ ਸੀਵਰੇਜ਼ ਟ੍ਰੀਟਮੈਂਟ ਪਲਾਂਟ ਲਗਾਉਣ ਲਈ ਜ਼ਮੀਨ ਦੇਣ ਲਈ ਮੁੜ ਤੋਂ ਵਿਚਾਰ ਕਰਨ ਲਈ ਇੱਕ ਹਫਤੇ ਦਾ ਸਮਾਂ ਦਿੱਤਾ ਗਿਆ ਹੈ।

# ਜ਼ਿਲ੍ਹਾ ਸੰਗਰੂਰ ਦੇ ਸਾਰੇ ਸਰਕਾਰੀ ਸਕੂਲਾਂ ਵਿੱਚ 11 ਫਰਵਰੀ ਨੂੰ ਹੋਵੇਗੀ 'ਮੈਗਾ ਸਕੂਲ ਪ੍ਰਬੰਧਕੀ ਕਮੇਟੀ' ਮੀਟਿੰਗ : ਜ਼ਿਲ੍ਹਾ ਸਿੱਖਿਆ ਅਫ਼ਸਰ

ਸੰਗਰੂਰ, 8 ਫਰਵਰੀ (ਰਣਜੀਤ ਸਿੰਘ ਪੇਧਨੀ)- ਜ਼ਿਲ੍ਹਾ ਸਿੱਖਿਆ ਅਫਸਰ (ਸੈਕੰਡਰੀ) ਸ਼੍ਰੀਮਤੀ ਤਰਵਿੰਦਰ ਕੌਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਹੈ ਕਿ ਪੰਜਾਬ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ ਹੇਠ 11 ਫਰਵਰੀ ਨੂੰ ਜ਼ਿਲਾ ਸੰਗਰੂਰ ਦੇ ਸਾਰੇ ਸਰਕਾਰੀ ਸਕੂਲਾਂ ਵਿੱਚ ਮੈਗਾ ਸਕੂਲ ਪ੍ਰਬੰਧਕੀ ਕਮੇਟੀਆਂ ਦੀ ਮੀਟਿੰਗ ਕਰਵਾਈ ਜਾ ਰਹੀ ਹੈ ਜਿਸ ਵਿੱਚ ਸਕੂਲੀ ਵਿਦਿਆਰਥੀਆਂ ਨੂੰ ਪੀਣ ਲਈ ਸਾਫ ਪਾਣੀ ਦੀ ਉਪਲਬਧਤਾ, ਸਕੂਲਾਂ ਦੇ ਅੰਦਰੂਨੀ ਹਿੱਸਿਆਂ ਦੀ ਨਿਯਮਿਤ ਸਫਾਈ, ਸਾਫ ਸੁਥਰੇ ਪਖਾਨੇ ਅਤੇ ਸੁਰੱਖਿਆ ਵਿਵਸਥਾਵਾਂ ਨੂੰ ਮਜਬੂਤ ਕਰਨ ਸਬੰਧੀ ਨੁਕਤਿਆਂ ਉੱਤੇ ਵਿਸਥਾਰ ਵਿੱਚ ਵਿਚਾਰ ਵਟਾਂਦਰਾ ਕੀਤਾ ਜਾਵੇਗਾ। ਉਹਨਾਂ ਨੇ ਦੱਸਿਆ ਕਿ ਇਸ ਮੀਟਿੰਗ ਨੂੰ ਸਫਲਤਾ ਪੂਰਵਕ ਨੇਪਰੇ ਚੜਾਉਣ ਲਈ ਸਾਰੇ ਸਕੂਲਾਂ ਵਿੱਚ ਸੂਚਿਤ ਕਰ ਦਿੱਤਾ ਗਿਆ ਹੈ ਅਤੇ ਸਕੂਲੀ ਵਿਦਿਆਰਥੀਆਂ ਨੂੰ ਸਕੂਲੀ ਸਮੇਂ ਦੌਰਾਨ ਵਧੇਰੇ ਸੁਵਿਧਾਵਾਂ ਉਪਲਬਧ ਕਰਵਾਉਣ ਦੀ ਹਦਾਇਤ ਕੀਤੀ ਗਈ ਹੈ। ਉਹਨਾਂ ਦੱਸਿਆ ਕਿ ਇਸ ਮੀਟਿੰਗ ਦੌਰਾਨ ਸਕੂਲ ਦੀ ਮੈਨੇਜਮੈਂਟ ਕਮੇਟੀਆਂ ਦੇ ਮੈਂਬਰ, ਸਕੂਲ ਦੇ ਮੌਜੂਦਾ ਸਵੱਛਤਾ ਅਤੇ ਸਫਾਈ ਅਭਿਆਸਾਂ ਦੀ ਸਮੀਖਿਆ ਕਰਨਗੇ।

# ਹਰਿਆਣਾ ਕਮੇਟੀ ਜਿਨਾਂ ਤੋਂ ਕਰਾਈ ਸੀ ਵੱਖਰੀ, ਲੁਕਵੇਂ ਰੂਪ 'ਚ ਫਿਰ ਹੋਣਾ ਚਾਹੁੰਦੇ ਨੇ ਕਾਬਜ਼: ਜਥੇਦਾਰ ਦਾਦੂਵਾਲ



ਤਲਵੰਡੀ ਸਾਬੋ, 8 ਫਰਵਰੀ (ਗੁਰਜੰਟ ਸਿੰਘ ਨਥੇਹਾ)- ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਹਰਿਆਣੇ ਦੇ ਸਿੱਖਾਂ ਨੇ ਲੰਬੀ ਜਦੋਜਹਿਦ ਤੋਂ ਬਾਅਦ ਬਾਦਲ ਪਰਿਵਾਰ ਦੇ ਕਬਜ਼ੇ ਤੋਂ ਮੁਕਤ ਕਰਵਾਈ ਸੀ ਹਰਿਆਣੇ ਦੇ ਸਿੱਖਾਂ ਨੇ ਵੱਖਰੀ ਕਮੇਟੀ ਬਣਾ ਕੇ ਧਰਮ ਪ੍ਰਚਾਰ ਦੀ ਲਹਿਰ ਅਤੇ ਗੁਰੂ ਘਰਾਂ ਦੇ ਪ੍ਰਬੰਧ ਨੂੰ ਸੁਚੱਜਾ ਕੀਤਾ ਗੁਰੂ ਕੀ ਗੋਲਕ ਦੀ ਦੁਰਵਰਤੋਂ ਬੰਦ ਕਰਵਾਈ ਸੀ ਪਰ ਹੁਣ ਫਿਰ ਸੁਖਬੀਰ ਸਿੰਘ ਬਾਦਲ ਆਪਣੇ ਜੋਟੀਦਾਰਾਂ ਰਾਹੀਂ ਲੁਕਵੇਂ ਰੂਪ ਵਿੱਚ ਮੁੜ ਹਰਿਆਣਾ ਕਮੇਟੀ ਤੇ ਕਾਬਜ਼ ਹੋਣਾ ਚਾਹੁੰਦਾ ਹੈ ਜਿਸ ਲਈ ਹਰਿਆਣਾ ਕਮੇਟੀ ਦੀ ਵੱਖਰੀ ਹੋਂਦ ਨੂੰ ਬਰਕਰਾਰ ਰੱਖਣ ਲਈ ਲੜਨ ਵਾਲੇ ਆਗੂਆਂ ਅਤੇ ਉਨਾਂ ਦੇ ਚੁਣੇ ਹੋਏ ਸਾਥੀ ਮੈਂਬਰਾਂ ਨੂੰ ਇੱਕਜੁੱਟਤਾ ਵਿਖਾਉਣ ਦੀ ਲੋੜ ਹੈ ਜਿਸ ਨਾਲ ਬਾਦਲਾਂ ਦੇ ਮਨਸੂਬੇ ਨੂੰ ਅਸਫਲ ਕੀਤਾ ਜਾ ਸਕਦਾ ਹੈ। ਇਨਾਂ ਵਿਚਾਰਾਂ ਦਾ ਪ੍ਰਗਟਾਵਾ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਅਜ਼ਾਦ ਨੇ ਮੀਡੀਆ ਨੂੰ ਇੱਕ ਪ੍ਰੈਸਨੋਟ ਜਾਰੀ ਕਰਦਿਆਂ ਕੀਤਾ। ਜਥੇਦਾਰ ਦਾਦੂਵਾਲ ਨੇ ਕਿਹਾ ਕਿ 19 ਜਨਵਰੀ ਨੂੰ ਹੋਈਆਂ ਚੋਣਾਂ ਵਿੱਚ 24 ਮੈਂਬਰ ਵੱਖ ਵੱਖ ਧੜਿਆਂ ਦੇ ਜਿੱਤੇ ਹਨ ਜਿਨਾਂ ਵਿੱਚ ਜਗਦੀਸ਼ ਸਿੰਘ ਝੀਂਡਾ ਦੇ 9 ਦੀਦਾਰ ਸਿੰਘ ਨਲਵੀ ਦੇ 3 ਬਾਦਲ ਦਲ ਦੇ 5 ਅਤੇ ਅਕਾਲੀ ਦਲ ਆਜ਼ਾਦ ਦੇ 6 ਮੈਂਬਰਾਂ ਨੇ ਜਿੱਤ ਪ੍ਰਾਪਤ ਕੀਤੀ ਹੈ ਜਦੋਂ ਕੀ 16 ਮੈਂਬਰ ਆਜ਼ਾਦ ਤੌਰ 'ਤੇ ਜਿੱਤੇ ਹਨ ਪਰ ਕੁਝ ਲੋਕਾਂ ਵੱਲੋਂ ਸੰਗਤਾਂ ਨੂੰ ਗੁੰਮਰਾਹ ਕਰਨ ਲਈ ਝੂਠੀ ਬਿਆਨਬਾਜ਼ੀ ਕੀਤੀ ਜਾ ਰਹੀ ਹੈ ਕਿ ਅਜ਼ਾਦ ਤੌਰ 'ਤੇ 22 ਉਮੀਦਵਾਰ ਜਿੱਤੇ ਹਨ ਜਦੋਂ ਕਿ 24 ਉਮੀਦਵਾਰ ਵੱਖ-ਵੱਖ ਧੜਿਆਂ ਦੇ ਜਿੱਤੇ ਹਨ। ਜਥੇਦਾਰ ਦਾਦੂਵਾਲ ਨੇ ਕਿਹਾ ਕਿ ਸਾਰੇ ਸੁਹਿਰਦ ਮੈਂਬਰਾਂ ਨੂੰ ਆਪਸੀ ਗਿਲੇ ਸ਼ਿਕਵੇ ਤਿਆਗ ਕੇ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਨੂੰ ਚੜ੍ਹਦੀਕਲਾ ਨਾਲ ਚਲਾਉਣ ਅਤੇ ਧਰਮ ਪ੍ਰਚਾਰ ਦੀ ਲਹਿਰ ਨੂੰ ਨਿਰੰਤਰ ਜਾਰੀ ਰੱਖਣ ਲਈ ਇੱਕ ਮੰਚ ਤੇ ਇਕੱਠੇ ਹੋ ਕੇ ਇੱਕਜੁੱਟਤਾ ਦਾ ਪ੍ਰਗਟਾਵਾ ਕਰਨਾ ਚਾਹੀਦਾ ਹੈ। ਏਕਤਾ ਇੱਕਜੁਟਤਾ ਨਾਲ ਹੀ ਬਾਦਲ ਦਲ ਜਿਨਾਂ ਤੋਂ ਹਰਿਆਣਾ ਕਮੇਟੀ ਵੱਖਰੀ ਕਰਾਈ ਸੀ ਉਨਾਂ ਨੂੰ ਮੁੜ ਕਾਬਜ ਹੋਣ ਤੋਂ ਦੂਰ ਰੱਖਿਆ ਜਾ ਸਕਦਾ ਹੈ।

### ਧੰਨ ਧੰਨ ਬਾਬਾ ਦੀਪ ਸਿੰਘ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਤੇ ਸੰਤ ਬਾਬਾ ਕਰਮ ਸਿੰਘ ਜੀ ਦੀ ਯਾਦ 'ਚ

# ਤਰਸਿੱਕਾ ਵਿਖੇ ਸੰਤ ਬਾਬਾ ਗੁਰਦੀਪ ਸਿੰਘ ਜੀ ਦੀ ਸਰਪ੍ਰਸਤੀ ਹੇਠ ਗੁਰਮਤਿ ਸਮਾਗਮ 13 ਫਰਵਰੀ ਨੂੰ : ਬਾਬਾ ਸੁੱਖਾ ਸਿੰਘ



ਜੰਡਿਆਲਾ ਗੁਰੂ, 8 ਫਰਵਰੀ (ਕੁਲਵੰਤ ਸਿੰਘ ਵਿਰਦੀ)- ਅਮਰ ਸ਼ਹੀਦ ਧੰਨ ਧੰਨ ਬਾਬਾ ਦੀਪ ਸਿੰਘ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਸ਼ਹੀਦ ਭਾਈ ਅਜੀਤ ਸਿੰਘ ਅਤੇ ਸੰਤ ਬਾਬਾ ਕਰਮ ਸਿੰਘ ਜੀ ਦੀ ਮਿੱਠੀ ਯਾਦ ਵਿਚ ਗੁਰਦੁਆਰਾ ਟਾਹਲਾ ਸਾਹਿਬ ਪੁੱਲ ਨਹਿਰ ਤਰਸਿੱਕਾ ਵਿੱਖੇ ਸੰਤ ਬਾਬਾ ਕਰਮ ਸਿੰਘ ਜੀ ਵੱਲੋਂ ਆਰੰਭ ਕੀਤਾ ਗਿਆ 39ਵਾਂ ਸਾਲਾਨਾ ਜੋੜ ਮੇਲਾ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਦੇਸ਼ ਵਿਦੇਸ਼ ਵਿੱਚ ਵੱਸਦੀਆਂ ਸਮੂਹ ਸੰਗਤਾਂ ਦੇ ਸਹਿਯੋਗ ਬੜੀ ਸ਼ਰਧਾ ਭਾਵਨਾ ਤੇ ਪਿਆਰ ਨਾਲ ਮਨਾਇਆ ਜਾ ਰਿਹਾ ਹੈ ਇਸ ਸਬੰਧੀ ਜਾਣਕਾਰੀ ਦਿੰਦਿਆਂ ਹੋਇਆਂ ਤਪ ਅਸਥਾਨ ਸੰਤ ਬਾਬਾ ਗੁਰਬਖਸ਼ ਸਿੰਘ ਜੀ ਗੁਰਦੁਆਰਾ ਜੋਤੀਸਰ ਜੰਡਿਆਲਾ ਗੁਰੂ ਅਤੇ ਜੋਤੀਸਰ ਸ਼ਿਮਲਾ ਹਿਮਾਚਲ ਪ੍ਰਦੇਸ਼ ਦੇ ਮੁੱਖ ਸੇਵਾਦਾਰ ਬਾਬਾ ਸੁੱਖਾ ਸਿੰਘ ਜੀ ਨੇ ਅੱਗੇ ਕਿਹਾ ਕਿ ਸੱਚਖੰਡ ਵਾਸੀ ਸੰਤ ਬਾਬਾ ਕਰਮ ਸਿੰਘ ਜੀ ਵੱਲੋਂ ਆਰੰਭ ਕੀਤਾ ਹੋਇਆ ਮਹਾਨ ਸਲਾਨਾ ਜੋੜ ਮੇਲਾ ਸੰਤ ਬਾਬਾ ਗੁਰਦੀਪ ਸਿੰਘ ਜੀ ਦੀ ਸਰਪ੍ਰਸਤੀ ਹੇਠ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ 13 ਫਰਵਰੀ ਨੂੰ ਇਲਾਕੇ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਮਨਾਇਆ ਜਾ ਰਿਹਾ । ਅੱਗੇ ਬਾਬਾ ਸੁੱਖਾ ਸਿੰਘ ਜੀ ਨੇ ਕਿਹਾ ਕਿ ਇਸ ਜੋੜ ਮੇਲੇ ਨੂੰ ਸਮਰਪਿਤ ਗੁਰਦੁਆਰਾ ਸਾਹਿਬ ਵਿਖੇ 14 ਜਨਵਰੀ ਤੋਂ ਸ੍ਰੀ ਆਖੰਡ ਪਾਠ ਸਾਹਿਬ ਜੀ ਦੀ ਲੜੀ ਆਰੰਭ ਕੀਤੀ ਗਈ ਹੈ ਅਤੇ ਅਤੇ 13 ਫਰਵਰੀ ਦਿਨ ਵੀਰਵਾਰ ਨੂੰ ਸੰਪੂਰਨ ਸ੍ਰੀ ਆਖੰਡ ਪਾਠ ਸਾਹਿਬ ਜੀ ਦੀ ਲੜੀ ਦੇ ਭੋਗ ਪਾਏ ਜਾਣਗੇ। ਅਤੇ ਭੋਗ ਤੋਂ ਉਪਰੰਤ ਮਹਾਨ ਕੀਰਤਨ ਦਰਬਾਰ ਸਜਾਏ ਜਾਣਗੇ ਇਸ ਮੌਕੇ ਪਹੁੰਚ ਰਹੇ ਸੰਤ ਮਹਾਂਪੁਰਸ਼ਾਂ ਤੋਂ ਇਲਾਵਾ ਪੰਥ ਪ੍ਰਸਿੱਧ ਰਾਗੀ ਢਾਡੀ ਪ੍ਰਚਾਰਕ ਸੰਗਤਾਂ ਨੂੰ ਧੁਰ ਕੀ ਬਾਣੀ ਇਲਾਹੀ ਬਾਣੀ ਜੀ ਦੇ ਕੀਰਤਨ ਰਾਹੀਂ ਅਤੇ ਗੁਰ ਇਤਿਹਾਸ ਤੋਂ ਜਾਣੂ ਕਰਵਾ ਕਿ ਸੰਗਤਾਂ ਨੂੰ ਨਿਹਾਲ ਕਰਨਗੇ ਸਮੂਹ ਇਲਾਕਾ ਨਿਵਾਸੀ ਸੰਗਤਾਂ ਇਸ ਜੋੜ ਮੇਲੇ ਵਿੱਚ ਸ਼ਾਮਲ ਹੋ ਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰੋ ਇਸ ਮੌਕੇ ਆਈਆਂ ਸੰਗਤਾਂ ਨੂੰ ਗੁਰੂ ਸਾਹਿਬ ਜੀ ਦੇ ਅਤੁੱਟ ਲੰਗਰ ਛਕਾਏ ਜਾਣਗੇ।

# ਪੰਜਾਬ ਪੇਅ ਸਕੇਲ ਬਹਾਲੀ ਸਾਂਝਾ ਫਰੰਟ 23 ਮਾਰਚ ਨੂੰ ਕਰੇਗਾ ਮੁੱਖ ਮੰਤਰੀ ਰਿਹਾਇਸ਼ ਸੰਗਰੂਰ ਦਾ ਘਿਰਾਓ



ਬਠਿੰਡਾ, 8 ਫਰਵਰੀ (ਗੁਰਜੰਟ ਸਿੰਘ ਨਥੇਹਾ)- ਪੰਜਾਬ ਪੇਅ ਸਕੇਲ ਬਹਾਲੀ ਸਾਂਝਾ ਫਰੰਟ ਦੀ ਸੂਬਾ ਪੱਧਰੀ ਮੀਟਿੰਗ ਬਠਿੰਡਾ ਦੇ ਚਿਲਡਰਨ ਪਾਰਕ ਵਿਖੇ ਕੀਤੀ ਗਈ ਜਿਸ ਵਿੱਚ ਵੱਖ-ਵੱਖ ਵਿਭਾਗਾਂ ਦੀਆਂ ਜਥੇਬਦੀਆਂ ਦੇ ਸੂਬਾ ਕਮੇਟੀ ਮੈਂਬਰਾਂ ਤੇ ਜਿਲ੍ਹਾ ਆਗੂਆਂ ਵੱਲੋਂ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ ਗਈ। ਇਸ ਮੀਟਿੰਗ ਵਿੱਚ ਸੌਰਭ ਸ਼ਰਮਾ ਕੇਸ਼ ਵਿੱਚ ਪੰਜਾਬ ਸਰਕਾਰ ਵੱਲੋਂ ਸੁਪਰੀਮ ਕੋਰਟ ਵਿੱਚ ਐਸ.ਐੱਲ.ਪੀ ਖ਼ਾਰਜ ਹੋਣ ਮਗਰੋਂ ਪੰਜਾਬ ਸਰਕਾਰ ਵੱਲੋਂ ਸਾਰੇ ਵਿਭਾਗਾਂ ਦੇ ਨਿਯਮ ਬਦਲਣ ਤੇ ਵੀ ਫ਼ਰੰਟ ਨੇ ਸਰਕਾਰ ਦੀ ਨੀਅਤ ਤੇ ਖਦਸ਼ਾ ਪ੍ਰਗਟ ਕੀਤਾ ਕਿ ਸਰਕਾਰ ਜੋ ਲੂੰਬੜ ਚਾਲਾਂ ਚੱਲ ਰਹੀ ਹੈ, ਇਸਤੋਂ ਸਾਫ ਜ਼ਾਹਰ ਹੁੰਦਾ ਸੀ ਕਿ ਸਰਕਾਰ ਪੰਜਾਬ ਪੇਅ ਸਕੇਲ ਬਹਾਲ ਕਰਨ ਦੇ ਹੱਕ ਵਿੱਚ ਨਹੀਂ ਹੈ। ਮੀਟਿੰਗ ਵਿੱਚ ਵੱਖ-ਵੱਖ ਬੁਲਾਰਿਆਂ ਕਿਹਾ ਕਿ ਜਿੱਥੇ ਸਤਾ ਵਿੱਚ ਆਉਣ ਤੋਂ ਪਹਿਲਾਂ ਇਹਨਾਂ ਮੁਲਾਜਮਾਂ ਦੇ ਹੱਕ ਵਿੱਚ ਹਾਅ ਦਾ ਹੁੰਗਾਰਾ ਭਰਨ ਵਾਲੀ ਆਪ ਸਰਕਾਰ ਹੁਣ ਮਾਣਯੋਗ ਹਾਈ ਕੋਰਟ ਤੇ ਸੁਪਰੀਮ ਕੋਰਟ ਦੇ ਹੁਕਮਾਂ ਨੂੰ ਵੀ ਮੰਨਣ ਤੋਂ ਇਨਕਾਰੀ ਜਾਪਦੀ ਹੈ।ਜਿਸ ਕਰਕੇ ਸਮੂਹ ਵੱਖ-ਵੱਖ ਵਿਭਾਗਾਂ ਦੇ ਮੁਲਾਜਮਾਂ ਵਿੱਚ ਸਰਕਾਰ ਖ਼ਿਲਾਫ਼ ਭਾਰੀ ਰੋਸ ਪ੍ਰਦਰਸ਼ਨ ਦੇਖਣ ਨੂੰ ਮਿਲਿਆ। ਫ਼ਰੰਟ ਨੇ ਸਰਕਾਰ ਨੂੰ ਅੱਜ ਦਿੱਲੀ ਵਿਧਾਨ ਸਭਾ ਚੋਣਾਂ ਦੇ ਨਤੀਜਿਆਂ ਤੋਂ ਬਾਅਦ ਆਪ ਸਰਕਾਰ ਨੂੰ ਬਿਲਕੁਲ ਸਪੱਸ਼ਟ ਕੀਤਾ ਕਿ ਜੇਕਰ ਜਨਤਾ ਦੇ ਮੁੱਦਿਆਂ ਦਾ ਹੱਲ ਨਹੀਂ ਹੁੰਦਾ ਤਾਂ ਜੋ ਅੱਜ ਦਿੱਲੀ ਵਿੱਚ ਹੋਇਆ ਉਹੀ ਆਉਣ ਵਾਲ਼ੀਆਂ ਪੰਜਾਬ ਵਿਧਾਨ ਸਭਾ ਚੋਣਾਂ ਵਿੱਚ ਹੋਵੇਗਾ। ਇਸ ਲਈ ਸਰਕਾਰ ਨੂੰ ਪੰਜਾਬ ਦੇ ਲੋਕਾਂ ਤੇ ਮੁਲਾਜਮਾਂ ਨਾਲ ਕੀਤੇ ਵਾਅਦਿਆਂ ਨੂੰ ਜਲਦ ਤੋਂ ਜਲਦ ਪੂਰਾ ਕਰਨਾ ਚਾਹੀਦਾ ਹੈ। ਫ਼ਰੰਟ ਨੇ ਅੱਜ ਫ਼ੈਸਲਾ ਕੀਤਾ ਕਿ ਜੇਕਰ ਸਰਕਾਰ 14 ਫ਼ਰਵਰੀ ਨੂੰ ਸੌਰਭ ਸ਼ਰਮਾ ਕੇਸ਼ ਵਿੱਚ ਪੰਜਾਬ ਦੇ ਸਮੂਹ ਮੁਲਾਜ਼ਮਾਂ ਤੇ ਪੰਜਾਬ ਪੇਅ ਸਕੇਲ ਲਾਗੂ ਕਰਨ ਲਈ ਵਚਨਬੱਧ ਨਹੀਂ ਹੁੰਦੀ ਤਾਂ ਫ਼ਰੰਟ ਵੱਲੋਂ ਆਉਣ ਵਾਲੇ ਸਮੇਂ ਵਿੱਚ ਹਰ ਥਾਂ 'ਤੇ ਸਰਕਾਰ ਦਾ ਵਿਰੋਧ ਕੀਤਾ ਜਾਵੇਗਾ। ਅੱਜ ਦੀ ਇਸ ਸੂਬਾ ਪੱਧਰੀ ਮੀਟਿੰਗ ਵਿੱਚ 23 ਮਾਰਚ 2025 ਨੂੰ ਮੁੱਖ ਮੰਤਰੀ ਪੰਜਾਬ ਦੀ ਕੋਠੀ ਦਾ ਘਿਰਾਓ ਕਰਨ ਦਾ ਐਲਾਨ ਕੀਤਾ ਗਿਆ। ਇਸ ਸਮੇਂ ਦੌਰਾਨ ਫ਼ਰੰਟ ਵੱਲੋਂ ਜ਼ਿਲ੍ਹਾ ਪੱਧਰੀ ਤੇ ਬਲਾਕ ਪੱਧਰੀ ਮੀਟਿੰਗਾਂ ਕਰਕੇ ਵੱਡੇ ਪੱਧਰ 'ਤੇ ਸਰਕਾਰ ਖ਼ਿਲਾਫ਼ ਸੰਘਰਸ਼ ਵਿੱਢਣ ਦੀ ਚਿਤਾਵਨੀ ਦਿੱਤੀ। ਅੱਜ ਦੀ ਇਸ ਸੂਬਾ ਪੱਧਰੀ ਮੀਟਿੰਗ ਵਿੱਚ ਸੂਬਾ ਕਨਵੀਨਰ ਸ਼ਿਲੰਦਰ ਕੰਬੋਜ਼, ਸੰਦੀਪ ਸਿੰਘ, ਤਰਸੇਮ ਸਿੰਘ ਸਿੱਧੂ, ਅੰਕਿਤ ਵਰਮਾ, ਸੱਸਪਾਲ ਰਟੌਲ, ਸੁਮਿਤ ਕੰਬੋਜ਼, ਰਸਪਾਲ ਜਲਾਲਾਬਾਦ, ਧਰਮਜੀਤ ਕੌਰ ਸੰਗਤ ਆਦਿ ਆਗੂਆਂ ਨੇ ਮੀਟਿੰਗ ਨੂੰ ਸੰਬੋਧਨ ਕੀਤਾ। ਇਸ ਤੋਂ ਇਲਾਵਾ ਜਸ਼ਨ ਕੰਬੋਜ਼ ਫਾਜ਼ਿਲਕਾ, ਜਸਕਰਨ ਤਲਵੰਡੀ ਕੰਬੋਜ਼ ਫਾਜ਼ਿਲਕਾ, ਗੁਰਦੀਪ ਕੰਬੋਜ਼ ਫਾਜ਼ਿਲਕਾ, ਸੰਦੀਪ ਕੌਰ, ਸੁਖਵੀਰ ਕੌਰ, ਕਿਰਨ ਰਾਣੀ, ਹਰਜੀਤ ਕੌਰ, ਅਮਨਦੀਪ ਕੌਰ, ਸਰਬਜੀਤ ਕੌਰ, ਗੁਰਮੀਤ ਕੌਰ, ਮਨਜੀਤ ਕੌਰ, ਬੇਅੰਤ ਕੌਰ, ਸ਼ਰਨਜੀਤ ਕੌਰ, ਦਵਿੰਦਰ ਕੌਰ, ਰਣਜੀਤ ਸਿੰਘ, ਜਸਬੀਰ ਸਿੰਘ, ਲਖਵੀਰ ਸਿੰਘ, ਸੰਦੀਪ ਸਿੰਘ, ਅਕਸ਼ੈ ਕੁਮਾਰ, ਬ੍ਰਿਜ ਲਾਲ, ਗੁਰਸਿਮਰਤ ਸਿੰਘ, ਸੁਰਿੰਦਰ ਸਿੰਘ, ਬਲਦੀਪ ਸਿੰਘ, ਮੋਹਮੰਦ ਆਰਿਫ, ਧਰਮਿੰਦਰ ਰਾਵੀ ਆਦਿ ਸਾਥੀ ਹਾਜਰ ਸਨ।

# ਅਕਾਲ ਯੂਨੀਵਰਸਿਟੀ ਦੇ ਐਨ.ਸੀ.ਸੀ ਕੈਡਿਟ ਸੁਗ੍ਰੀਵ ਗੋਦਰਾ ਅਤੇ ਰਾਜਦੀਪ ਕੌਰ ਨੂੰ ਮਿਲੇ ਰੈਂਕ



ਤਲਵੰਡੀ ਸਾਬੋ, 8 ਫਰਵਰੀ (ਗੁਰਜੰਟ ਸਿੰਘ ਨਥੇਹਾ)- ਅਕਾਲ ਯੂਨੀਵਰਸਿਟੀ ਵਿਚ ਐੱਨ.ਸੀ.ਸੀ ਵਿਭਾਗ ਦੇ ਦੋ ਵਿੰਗ ਆਰਮੀ ਤੇ ਨੇਵੀ ਸੁਚਾਰੂ ਢੰਗ ਨਾਲ ਚਲਾਏ ਜਾ ਰਹੇ ਹਨ। ਐਨ.ਸੀ.ਸੀ ਵਿਭਾਗ ਵੱਲੋਂ ਵੱਖ-ਵੱਖ ਸਮੇਂ ਉਲੀਕੀਆਂ ਜਾਂਦੀਆਂ ਗਤੀਵਿਧੀਆਂ ਵਿਚ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਹੋਣਹਾਰ ਕੈਡਿਟ ਸੁਗ੍ਰੀਵ ਗੋਦਰਾ ਅਤੇ ਰਾਜਦੀਪ ਕੌਰ ਨੂੰ ਯੂਨੀਵਰਸਿਟੀ ਦੇ ਡੀਨ ਅਕਾਦਮਿਕ ਮੇਜਰ ਜਨਰਲ ਡਾ. ਜੀ ਐੱਸ ਲਾਂਬਾ ਵੱਲੋਂ ਰੈਂਕ ਦੇ ਕੇ ਸਨਮਾਨਿਤ ਕੀਤਾ ਗਿਆ। ਉਹਨਾਂ ਨੇ ਦੱਸਿਆ ਕਿ ਇਹ ਦੋਵੇਂ ਕੈਡਿਟ ਜਿੱਥੇ ਅਨੁਸ਼ਾਸਨ ਦਾ ਪ੍ਰਦਰਸ਼ਨ ਕਰਦੇ ਹਨ, ਉੱਥੇ ਹਰ ਗਤੀਵਿਧੀ ਵਿਚ ਅੱਗੇ ਹੋ ਕੇ ਭੂਮਿਕਾ ਨਿਭਾਉਂਦੇ ਹਨ। ਸਲਾਨਾ ਕੈਂਪ ਵਿਚ ਵੀ ਇਹਨਾਂ ਦਾ ਪ੍ਰਦਰਸ਼ਨ ਸ਼ਲਾਘਾਯੋਗ ਸੀ। ਇਸ ਮੌਕੇ ਐਨ.ਸੀ.ਸੀ ਸੀਟੀਓ ਡਾ. ਹਰਜਿੰਦਰ ਸਿੰਘ ਅਤੇ ਡ੍ਰਿਲ ਟ੍ਰੇਨਰ ਰਾਜਮੁਹੰਮਦ ਵੀ ਹਾਜ਼ਰ ਰਹੇ।


ਧੰਨ ਧੰਨ ਸ੍ਰੀ ਗੁਰੂ ਹਰਿ ਰਾਇ ਸਾਹਿਬ ਜੀ ਦੇ
ਪ੍ਰਕਾਸ਼ ਪੁਰਬ ਨੂੰ ਸਮਰਪਿਤ
Sri Akhand Path Sahib
Arambh-Friday 7th Feb 2025 10am
Bhog-Sunday 9th Feb 2025 9am
All Day Diwan
Paath Sri Sukhmani Sahib
10th Feb Monday 9:00am
All Day Diwan
ਜਿਨ ਭੈ ਅਦਬ ਨਾ ਬਾਣੀ ਧਾਰਾ ॥
ਜਾਣੋ ਸੋ ਸਿਖ ਨਹੀ ਹਮਾਰਾ ॥
ਹਰਿਰਾਇ
Sri Guru HarRai Sahib Ji
ਸੱਤਵੇਂ ਪਾਤਸ਼ਾਹ, ਧੰਨ ਧੰਨ
ਸ੍ਰੀ ਗੁਰੂ ਹਰਿਰਾਇ ਸਾਹਿਬ ਜੀ
Main Darbar Sahib Schedule for
Sunday 9th Feb 2025
Bhog Sri Akhand Path Sahib 9:00am
Arti Arta , Ardas and Hukamnama Sahib 9:00am to 11:00am
Kirtan Bhai Hardeep Singh ji 11:00am to 11:45am
Hazoori Ragi Sri Darbar Sahib Amritsar
Katha Bhai Jujhar Singh ji 11:45am to 12:45pm
Katha Bhai Jugraj Singh ji 12:45pm to 1:25pm
Dhadhi Jatha Bhai Surjit Singh JI 1:25pm to 2:25pm
GURDWARA GURU HAR RAI SAHIB JI
127-128 High St,West Bromwich B706JW
More info Bhai Daya Singh ji 07772222181 Bhai Khalsa Singh ji 07454023665
guruharrai.org
info@guruharrai.org

## ਇੱਕ ਨਜ਼ਰ ...



## ਭਗਵੰਤ ਸਿੰਘ ਭੱਟੀਆਂ ਦੀ ਭੈਣ ਦਾ ਦੇਹਾਂਤ, ਭੋਗ ਤੇ ਵੱਖ ਵੱਖ ਆਗੂਆਂ ਨੇ ਕੀਤੀ ਸ਼ਰਧਾਂਜਲੀ ਭੇਂਟ

ਧੂਰੀ, 8 ਫਰਵਰੀ (ਰਣਜੀਤ ਸਿੰਘ ਪੇਧਨੀ)-ਸਮਾਜ ਸੇਵੀ ਸ, ਭਗਵੰਤ ਸਿੰਘ ਭੱਟੀਆਂ ਪਰਿਵਾਰ ਨੂੰ ਉਸ ਸਮੇਂ ਗਹਿਰਾ ਸਦਮਾ ਪੁੱਜਾ ਜਦੋਂ ਉਨਾ ਦੇ ਸਤਿਕਾਰਯੋਗ ਭੈਣ ਜੀ ਅਤੇ ਐਡਵੋਕੇਟ ਅਮਰਪਰੀਤ ਸਿੰਘ ਦੇ ਸਤਿਕਾਰਯੋਗ ਮਾਤਾ ਹਰਸਕਿੰਦਰ ਕੌਰ ਪਰਿਵਾਰ ਨੂੰ ਅਚਾਨਕ ਸਦੀਵੀ ਵਿਛੋੜਾ ਦੇ ਗਏ ਸਨ। ਪਰਿਵਾਰ ਵੱਲੋਂ ਉਹਨਾ ਦੇ ਨਮਿੱਤ ਸ੍ਰੀ ਸਹਿਜ ਪਾਠ ਆਰੰਭ ਕਰਵਾਏ ਗਏ ਸਨ, ਜਿਨ੍ਹਾਂ ਦੇ ਗੁਰਦੁਆਰਾ ਨਾਨਕਸਰ ਵਿਖੇ ਭੋਗ ਪਾਏ ਗਏ, ਉਪਰੰਤ ਕੀਰਤਨ ਦੁਆਰਾ ਸੰਗਤਾਂ ਨੂੰ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪ੍ਰਵਚਨਾਂ ਨਾਲ ਜੋੜਨ ਦਾ ਉਪਰਾਲਾ ਕੀਤਾ ਗਿਆ। ਇਸ ਮੌਕੇ ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦਾਸੋਕ ਸੰਦੇਸ ਪੜ੍ਹ ਕੇ ਸੁਣਾਇਆ ਗਿਆ ਅਤ ਮਾਤਾ ਹਰਸਕਿੰਦਰ ਕੌਰ ਨੂੰ ਸ਼ਰਧਾਂਜਲੀ ਭੇਟ ਕਰਨ ਵਾਲਿਆਂ ਵਿੱਚ ਸਾਬਕਾ ਕੇਂਦਰੀ ਮੰਤਰੀ ਸ, ਸੁਖਦੇਵ ਸਿੰਘ ਢੀਡਸਾ ਦੇ ਧਰਮ ਪਤਨੀ ਬੀਬੀ ਹਰਜੀਤ ਕੌਰ ਢੀਨਸਾ,ਪੰਜਾਬ ਦੇ ਮੁੱਖ ਮੰਤਰੀ ਸ ਭਗਵੰਤ ਸਿੰਘ ਮਾਨ ਦੇ ਦਫਤਰ ਇੰਚਾਰਜ ਸ, ਰਾਜਵੰਤ ਸਿੰਘ ਘੁਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ, ਕੁਲਵੰਤ ਸਿੰਘ ਗੱਜਣਮਾਜਰਾ ਭਰਾ ਐਮਐਲਏ ਸ, ਜਸਵੰਤ ਸਿੰਘ ਗੱਜਣਮਾਜਰਾ, ਸਾਬਕਾ ਐਮਐਲਏ ਇਕਬਾਲ ਸਿੰਘ ਝੂੰਦਾ, ਸ਼੍ਰੋਮਣੀ ਅਕਾਲੀ ਦਲ ਸੁਧਾਰ ਲਹਿਰ ਦੇ ਸੀਨੀਅਰ ਆਗੂ ਸ, ਪਰਮਜੀਤ ਸਿੰਘ ਪੰਮਾ ਬਾਠ, ਮਾਰਕੀਟ ਕਮੇਟੀ ਦੇ ਸਾਬਕਾ ਚੇਅਰਮੈਨ ਸੁਖਪਾਲ ਸ਼ਰਮਾ, ਸਮਾਜ ਸੇਵੀ ਟਰਾਂਸਪੋਰਟਰ ਸ, ਤਲਵੀਰ ਸਿੰਘ ਧਨੇਸਰ, ਸਮਾਜ ਸੇਵੀ ਰਣਧੀਰ ਸਿੰਘ ਪਰਦੇਸੀ, ਸੋਹਨਦੀਪ ਸਿੰਘ ਜੁਗਨੂ, ਸਾਬਕਾ ਐਮਐਲਏ ਦਲਵੀਰ ਸਿੰਘ ਗੋਲਡੀ, ਜਸਵੀਰ ਸਿੰਘ ਦਿਉਲ ਸਾਬਕਾ ਚੇਅਰਮੈਨ ਜਿਲ੍ਹਾ ਪ੍ਰੀਸ਼ਦ ਸੰਗਰੂਰ, ਜਸਵੰਤ ਸਿੰਘ ਭੱਠਲ ਸਾਬਕਾ ਚੇਅਰਮੈਨ ਬਲਾਕ ਸੰਮਤੀ ਸ਼ੇਰਪੁਰ, ਬਚਿੱਤਰ ਸਿੰਘ ਬੁਰਜ, ਸਰਪੰਚ ਗੁਰਜੰਟ ਸਿੰਘ ਭੜੀਮਾਨਸਾ, ਬਲਜੀਤ ਸਿੰਘ ਸਿੱਧੂ, ਕਾਗਰਸ ਪਾਰਟੀ ਦੇ ਸੀਨੀਅਰ ਆਗੂ ਸਮਿਤ ਸਿੰਘ ਮਾਨ, ਕਾਂਗਰਸੀ ਆਗੂ ਸਰਪੰਚ ਹਰਦੀਪ ਸਿੰਘ ਦੌਲਤਪੁਰ, ਪੱਤਰਕਾਰ ਰਣਜੀਤ ਸਿੰਘ ਪੇਧਨੀ ਆਦਿ ਆਗੂਆਂ ਨੇ ਮਾਤਾ ਹਰਸਕਿੰਦਰ ਕੌਰ ਨੂੰ ਸ਼ਰਧਾਂਜਲੀ ਭੇਟ ਕੀਤੀ। ਉੱਥੇ ਪਰਮਾਤਮਾ ਅੱਗੇ ਅਰਦਾਸ ਕੀਤੀ ਕਿ ਪਰਮਾਤਮਾ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ੇ ਅਤੇ ਪਿੱਛੇ ਪਰਿਵਾਰ ਨੂੰ ਭਾਨਾ ਮੰਨਣ ਦਾ ਬਲ ਬਖਸ਼ੇ।

## ਦਿੱਲੀ 'ਚ ਝੂਠ ਦੇ ਸੌਦਾਗਰਾਂ ਦਾ ਬੀਜੇਪੀ ਦੇ ਉਮੀਦਵਾਰਾਂ ਨੇ ਕਿਲਾ ਕੀਤਾ ਤਹਿਸ ਨਹਿਸ: ਜੱਗਾ ਜਿੰਦਲ, ਨੀਲੂ ਮਿੱਤਲ





ਧੂਰੀ, 8 ਫਰਵਰੀ (ਰਣਜੀਤ ਸਿੰਘ ਪੇਧਨੀ)- ਦੇਸ਼ ਦੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ, ਗ੍ਰਹਿ ਮੰਤਰੀ ਸ੍ਰੀ ਅਮਿਤ ਸ਼ਾਹ ਅਤੇ ਭਾਰਤੀ ਜਨਤਾ ਪਾਰਟੀ ਦੇ ਕੌਮੀ ਪ੍ਰਧਾਨ ਜੇ,ਪੀ ਨੱਡਾ ਦੀ ਅਗਵਾਈ ਹੇਠ ਹੋਈਆਂ ਦਿੱਲੀ ਵਿਧਾਨ ਸਭਾ ਚੋਣਾਂ ਵਿੱਚ ਭਾਰਤੀ ਜਨਤਾ ਪਾਰਟੀ ਨੂੰ ਮਿਲੇ ਵੱਡੇ ਬਹੁਮਤ ਨਾਲ ਮਿਲੀ ਜਿੱਤ ਤੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਹੋਇਆਂ ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਕ੍ਰਿਸ਼ਨ ਗੋਪਾਲ ਨੀਲੂ ਮਿੱਤਲ ਅਤੇ ਜਗਦੇਵ ਜਿੰਦਲ ਜੱਗਾ ਸਾਹਿਬ ਸਾਬਕਾ ਵਾਇਸ ਪ੍ਰਧਾਨ ਮਿਉਸੀਪਲ ਕਮੇਟੀ ਧੂਰੀ ਨੇ ਦਿੱਲੀ ਵਿੱਚ ਭਾਰਤੀ ਜਨਤਾ ਪਾਰਟੀ ਦੇ ਕਮਲ ਚੋਣ ਨਿਸਾਨ ਤੇ ਦਿੱਲੀ ਵਿੱਚ ਜਿੱਤੇ ਸਾਰੇ ਉਮੀਦਵਾਰਾਂ ਨੂੰ ਮੁਬਾਰਕਬਾਦ ਦਿੱਤੀ ਅਤੇ ਕਿਹਾ ਕਿ ਦਿੱਲੀ ਦੇ ਲੋਕਾਂ ਨੂੰ ਪਤਾ ਲੱਗ ਚੁੱਕਿਆ ਸੀ ਕਿ ਦਿੱਲੀ ਦਾ ਵਿਕਾਸ ਕੌਣ ਕਰਵਾ ਸਕਦਾ ਹੈ ਤਾਂ ਹੀ ਉਹਨਾਂ ਨੇ ਹੋਈਆਂ ਚੋਣਾਂ ਵਿੱਚ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਨੂੰ ਮੂੰਹ ਤੱਕ ਨਹੀਂ ਲਗਾਇਆ। ਉਹਨਾਂ ਕਿਹਾ ਕਿ ਭਰਿਸ਼ਟਾਚਾਰ ਵਿੱਚ ਲਿਪਤ ਹੋਈ ਆਮ ਆਦਮੀ ਪਾਰਟੀ ਦੇ ਮੁਖੀ,ਆਪਣੇ ਆਪ ਨੂੰ ਇਮਾਨਦਾਰ ਦੱਸਣ ਵਾਲੇ ਕੇਜਰੀਵਾਲ ਨੂੰ ਵੀ ਦਿੱਲੀ ਚ ਹਾਰ ਦਾ ਮੂੰਹ ਵੇਖਣਾ ਪਿਆ ਹੈ। ਉਹਨਾਂ ਕਿਹਾ ਕਿ ਦੇਸ਼ ਵਿੱਚ ਹਰ ਪਾਸੇ ਭਾਰਤੀ ਜਨਤਾ ਪਾਰਟੀ ਦੀ ਹਨੇਰੀ ਚੱਲ ਰਹੀ ਹੈ 2027 ਚ ਪੰਜਾਬ ਵਿੱਚ ਵੀ ਆਮ ਆਦਮੀ ਪਾਰਟੀ ਦਾ ਹਸਰ ਦਿੱਲੀ ਵਰਗਾ ਹੋਵੇਗਾ।

### ਭਾਕਿਯੂ ਸਿੱਧੂਪੁਰ ਦੀ ਤਲਵੰਡੀ ਸਾਬੋ ਵਿਖੇ ਹੋਈ ਮਹੀਨਾਵਾਰ ਮੀਟਿੰਗ

## 11 ਤੋਂ 13 ਫਰਵਰੀ ਨੂੰ ਤਿੰਨੇ ਮੋਰਚਿਆਂ 'ਚ ਪਹੁੰਚਣ ਦੀ ਕਿਸਾਨਾਂ ਨੂੰ ਅਪੀਲ



ਤਲਵੰਡੀ ਸਾਬੋ, 8 ਫਰਵਰੀ (ਗੁਰਜੰਟ ਸਿੰਘ ਨਥੇਹਾ)- ਭਾਰਤੀ ਕਿਸਾਨ ਯੂਨੀਅਨ ਸਿੱਧੂਪੁਰ ਵੱਲੋਂ ਬਲਾਕ ਤਲਵੰਡੀ ਸਾਬੋ ਦੀ ਮਹੀਨਾਵਾਰ ਮੀਟਿੰਗ ਪ੍ਰਧਾਨ ਮਹਿਮਾ ਸਿੰਘ ਚੱਠੇਵਾਲਾ ਦੀ ਅਗਵਾਈ ਵਿਚ ਬੁੰਗਾ ਮਸਤੂਆਣਾ ਸਾਹਿਬ ਵਿਚ ਕਰਵਾਈ ਗਈ ਜਿਸ ਵਿਚ ਬਲਾਕ ਤਲਵੰਡੀ ਸਾਬੋ ਦੇ ਲੱਗਭਗ ਸਾਰੇ ਪਿੰਡਾਂ ਨੇ ਹਾਜਰੀ ਲਵਾਈ। ਜਿਸ ਵਿਚ ਸੂਬਾ ਪ੍ਰਧਾਨ ਜਗਜੀਤ ਸਿੰਘ ਡੱਲੇਵਾਲ ਦੇ ਮਰਨ ਵਰਤ ਨੂੰ ਲੈ ਕੇ ਝੁਕੀ ਸਰਕਾਰ ਵੱਲੋਂ ਜੋ 14 ਫਰਵਰੀ ਨੂੰ ਜੋ ਮੀਟਿੰਗ ਦਿੱਤੀ ਗਈ ਹੈ ਉਸ ਨੂੰ ਮੱਦੇਨਜਰ ਰਖਦੇ ਹੋਏ 11 ਤੋਂ 13 ਫਰਵਰੀ ਨੂੰ ਤਿੰਨੇ ਮੋਰਚਿਆਂ ਤੇ ਪ੍ਰਧਾਨ ਜਗਜੀਤ ਸਿੰਘ ਡੱਲੇਵਾਲ ਦੀ ਮੱਦਦ ਵਿਚ ਅਤੇ 13 ਫਰਵਰੀ ਨੂੰ ਕੇਂਦਰ ਸਰਕਾਰ ਦੁਆਰਾ ਮੰਨੀਆਂ ਮੰਗਾਂ ਲਾਗੂ ਕਰਵਾਉਣ ਲਈ ਲੱਗੇ ਮੋਰਚਿਆਂ ਨੂੰ ਇੱਕ ਸਾਲ ਪੂਰਾ ਹੋਣ 'ਤੇ ਵੱਧ ਤੋਂ ਵੱਧ ਗਿਣਤੀ ਵਿਚ ਹਾਜ਼ਰੀ ਲਗਵਾਉਣ ਦੀ ਅਪੀਲ ਕੀਤੀ। 21 ਫਰਵਰੀ ਨੂੰ ਪਿੰਡ ਬੱਲ੍ਹੋ ਵਿਚ ਸ਼ਹੀਦ ਭਾਈ ਸ਼ੁਭਕਰਨ ਸਿੰਘ ਦੀ ਸ਼ਹੀਦੀ ਦਿਨ 'ਤੇ ਵੱਡੀ ਗਿਣਤੀ ਵਿਚ ਹਾਜ਼ਰੀ ਲਗਵਾਉਣ ਦੀ ਬੇਨਤੀ ਕੀਤੀ। ਭਾਰਤੀ ਕਿਸਾਨ ਯੂਨੀਅਨ ਸਿੱਧੂਪੁਰ ਦੇ ਅਗਲੇ ਆਉਣ ਵਾਲੇ ਪ੍ਰੋਗਰਾਮਾਂ 'ਤੇ ਚਾਨਣਾ ਵੀ ਪਾਇਆ। ਅੱਜ ਦੀ ਇਸ ਮੀਟਿੰਗ ਵਿਚ ਜਿਲ੍ਹਾ ਮੀਤ ਪ੍ਰਧਾਨ ਯੋਧਾ ਸਿੰਘ ਨੰਗਲਾ, ਖਜਾਨਚੀ ਸੰਦੀਪ ਸਿੰਘ ਬਹਿਮਣ ਕੌਰ ਸਿੰਘ, ਪ੍ਰਧਾਨ ਲਾਭ ਸਿੰਘ ਜੱਜਲ, ਜਗਸੀਰ ਸਿੰਘ ਜਗਾ ਰਾਮ ਤੀਰਥ ਅਤੇ ਬਲਵੰਤ ਸਿੰਘ ਜੀਵਨ ਸਿੰਘ ਵਾਲਾ ਆਦਿ ਹਾਜ਼ਰ ਸਨ।

# ਘੱਟ ਗਿਣਤੀ ਕਮਿਸ਼ਨ ਦੇ ਚੇਅਰਮੈਨ ਲਾਲਪੁਰਾ ਵਲੋਂ ਤਖਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਨਾਂਦੇੜ ਨਾਲ ਜੁੜੇ ਮਸਲੇ ਪਹਿਲ ਦੇ ਆਧਾਰ ਤੇ ਹੱਲ ਕਰਵਾਉਣ ਦਾ ਭਰੋਸਾ: ਡਾ: ਵਿਜੇ ਸਤਬੀਰ ਸਿੰਘ



ਚੌਕ ਮਹਿਤਾ, 8 ਫਰਵਰੀ ( ਬਾਬਾ ਸੁਖਵੰਤ ਸਿੰਘ ਚੰਨਣਕੇ)- ਬੀਤੇ ਕੱਲ੍ਹ ਨਵੀਂ ਦਿੱਲੀ ਵਿਖੇ ਤਖਤ ਸੱਚਖੰਡ ਬੋਰਡ ਦੇ ਮੁੱਖ ਪ੍ਰਬੰਧਕ ਡਾ. ਵਿਜੇ ਸਤਬੀਰ ਸਿੰਘ ਦੀ ਅਗਵਾਈ ਵਿੱਚ ਇੱਕ ਵਫਦ ਨੇ ਕੌਮੀ ਘੱਟ ਗਿਣਤੀ ਕਮਿਸ਼ਨ ਦੇ ਚੇਅਰਮੈਨ ਸ੍ਰ.ਇਕਬਾਲ ਸਿੰਘ ਲਾਲਪੁਰਾ ਨਾਲ ਮੁਲਾਕਾਤ ਕੀਤੀ, ਜਿਸ ਵਿੱਚ ਸ੍ਰ: ਜਸਵੰਤ ਸਿੰਘ ਬੰਬੀ ਤੇ ਡਾ. ਗੁਰਮੀਤ ਸਿੰਘ ਸ਼ਾਮਿਲ ਸਨ ਡਾ. ਵਿਜੇ ਸਤਬੀਰ ਸਿੰਘ ਨੇ ਦੱਸਿਆ ਕਿ ਇਹ ਮੀਟਿੰਗ ਵਿੱਚ ਲਾਲਪੁਰਾ ਸਾਹਿਬ ਨੇ ਕਿਹਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦੇ ਪਾਵਨ ਅਸਥਾਨ ਤਖ਼ਤ ਸੱਚਖੰਡ ਸ੍ਰੀ ਹਜੂਰ ਸਾਹਿਬ ਨਾਂਦੇਤ ਨਾਲ ਜੁੜੇ ਸਾਰੇ ਮਸਲੇ ਪਹਿਲ ਦੇ ਆਧਾਰ ਤੇ ਵਿਚਾਰੇ ਤੇ ਹੱਲ ਕੀਤੇ ਜਾਣਗੇ ਡਾ. ਵਿਜੇ ਸਤਬੀਰ ਸਿੰਘ ਜੀ ਪ੍ਰੈਸ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਤਖ਼ਤ ਸੱਚਖੰਡ ਸ੍ਰੀ ਹਜੂਰ ਸਾਹਿਬ ਵਲੋਂ 100 ਵਰ੍ਹੇ ਪਹਿਲਾ ਐਨ.ਟੀ. ਸੀ. ਮਿਲ ਨੂੰ ਲੀਜ਼ 'ਤੇ ਦਿੱਤੀ ਜਮੀਨ, ਨਤਿੰਨ ਸਾਲਾ ਲੀਜ਼ ਪੂਰੀ ਹੋਣ ਤੋਂ ਬਾਅਦ ਵੀ ਗੁਰਦੁਆਰਾ ਬੋਰਡ ਨੂੰ ਨਹੀਂ ਸੌਂਪੀ ਜਾ ਰਹੀ ਅਤੇ ਇਸੇ ਤਰ੍ਹਾਂ ਅਦਾਲਤ ਵਿੱਚ ਕੇਸ ਦਾ ਫੈਸਲਾ ਗੁਰਦੁਆਰਾ ਸੱਚਖੰਡ ਬੋਰਡ ਦੇ ਹੱਕ ਵਿੱਚ ਹੋਣ ਤੋਂ ਬਾਅਦ ਵੀ ਨਾਂਦੇੜ ਜ਼ਿਲ੍ਹਾ ਅਧਿਕਾਰੀ ਦਫ਼ਤਰ ਦੇ ਸਾਹਮਣੇ ਬੀ.ਐਸ.ਐਨ.ਐਲ. ਵਾਲੀ ਬੇਸਕੀਮਤੀ ਜਗ੍ਹਾ ਵੀ ਗੁਰਦੁਆਰਾ ਸਾਹਿਬ ਦੇ ਹਵਾਲੇ ਨਹੀ ਕੀਤੀ ਜਾ ਰਹੀ ਇਸ ਦੇ ਨਾਲ ਹੀ ਗੁਰੂ ਘਰ ਦੇ ਲੰਗਰ ਤੇ ਹੋਰ ਜ਼ਰੂਰੀ ਵਸਤਾਂ ਦੀ ਖ੍ਰੀਦ ਤੇ ਲੱਗਣ ਵਾਲੀ ਜੀ.ਐਸ.ਟੀ. ਖਤਮ ਕੀਤੀ ਜਾਵੇ। ਉਨ੍ਹਾਂ ਨੇ ਇਹ ਵੀ ਦੱਸਿਆ ਕਿ ਇਸ ਮੀਟਿੰਗ ਵਿੱਚ ਦਿੱਲੀ, ਅੰਮ੍ਰਿਤਸਰ, ਚੰਡੀਗੜ੍ਹ ਤੇ ਮੁੰਬਈ ਤੋਂ ਸ੍ਰੀ ਹਜੂਰ ਸਾਹਿਬ ਨਾਂਦੇੜ ਲਈ ਹਵਾਈ ਸੇਵਾਵਾਂ ਸ਼ੁਰੂ ਕਰਨ ਦੀ ਸੰਗਤਾਂ ਦੀ ਮੰਗ ਵੀ ਲਾਲਪੁਰਾ ਸਾਹਿਬ ਪਾਸ ਰੱਖੀ ਗਈ ਕੇਂਦਰੀ ਮਨਿਉਰਟੀ ਕਮਿਸ਼ਨ ਦੇ ਚੇਅਰਮੈਨ ਸ੍ਰ. ਇਕਬਾਲ ਸਿੰਘ ਲਾਲਪੁਰਾ ਨੇ ਕਿਹਾ ਕਿ ਉਹ ਬਹੁਤ ਜਲਦੀ ਹੀ ਮਾਨਯੋਗ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਜੀ ਨਾਲ ਮੁਲਾਕਾਤ ਕਰਕੇ, ਇਹ ਸਾਰੇ ਮਾਮਲੇ ਛੇਤੀ ਤੋਂ ਛੇਤੀ ਹੱਲ ਕਰਵਾਉਣਗੇ।

# 45 ਲੱਖ ਖਰਚ, ਡੌਂਕੀ ਲਗਾ ਕੇ ਅਮਰੀਕਾ ਪਹੁੰਚੇ ਬਾਬਾ ਦਰਸ਼ਨ ਸਿੰਘ ਐਵੇਨਿਊ ਦੇ ਡਿਪੋਰਟ ਹੋਏ ਨੌਜਵਾਨ ਅਜੇਦੀਪ ਸਿੰਘ ਨੇ ਦੱਸੀ ਆਪਣੀ ਦੁੱਖ ਭਰੀ ਦਾਸਤਾਨ



ਚੌਕ ਮਹਿਤਾ, 8 ਫਰਵਰੀ ( ਬਾਬਾ ਸੁਖਵੰਤ ਸਿੰਘ ਚੰਨਣਕੇ)- ਰੋਜ਼ੀ ਰੋਟੀ ਕਮਾਉਣ ਅਤੇ ਆਪਣੇ ਘਰ ਦੀ ਮੰਦੀ ਹਾਲਤ ਸੁਧਾਰਨ ਵਾਸਤੇ, ਸਾਰਾ ਕੁਝ ਦਾਅ 'ਤੇ ਲਗਾਅ ਕੇ ਡੌਂਕੀ ਲਗਾ ਅਮਰੀਕਾ ਪਹੁੰਚਿਆ ਬਾਬਾ ਦਰਸ਼ਨ ਸਿੰਘ ਕਲੋਨੀ, ਰਾਮ ਤੀਰਥ ਰੋਡ ਦਾ ਨੌਜਵਾਨ ਅਜੇਦੀਪ ਸਿੰਘ ਪੁੱਤਰ ਗੁਰਸੇਵਕ ਸਿੰਘ ਸਾਬਕਾ ਫੌਜੀ ਵੀ ਡਿਪੋਰਟ ਹੋਏ ਨੌਜਵਾਨਾਂ ਵਿੱਚ ਸ਼ਾਮਿਲ ਹੈ। ਆਪਣੀ ਹੱਡ ਬੀਤੀ ਬਿਆਨ ਕਰਦਿਆਂ ਅਜੇਦੀਪ ਸਿੰਘ ਨੇ ਦੱਸਿਆ ਕਿ ਉਹ ਬਾਰਵੀਂ ਜਮਾਤ ਪਾਸ ਕਰਨ ਉਪਰੰਤ ਆਪਣੇ ਸੁਪਨਿਆਂ ਨੂੰ ਸਕਾਰ ਕਰਨ ਲਈ ਬਹੁਤ ਸਾਰੀਆਂ ਮੁਸੀਬਤਾਂ ਝੱਲਦਾ ਹੋਇਆ ਡੌਂਕੀ ਲਗਾ ਕੇ ਅਮਰੀਕਾ ਪਹੁੰਚਣ ਲਈ ਮਜਬੂਰ ਹੋਇਆ, ਕਿਉਂਕਿ ਇਸ ਤੋਂ ਪਹਿਲਾਂ ਉਸਨੇ ਕਈ ਮੁਲਕਾਂ ਵਿੱਚ ਜਾਣ ਦੀ ਕੋਸ਼ਿਸ਼ ਕੀਤੀ, ਪਰ ਹਰ ਵਾਰ ਉਸ ਦੀ ਫਾਈਲ ਰਿਫਿਊਜ ਹੁੰਦੀ ਰਹੀ। ਰਿਫਿਊਜਲਾਂ ਤੋਂ ਤੰਗ ਪਰੇਸ਼ਾਨ ਹੋ ਕੇ ਅਖੀਰਲੀ ਵਾਰ ਵਿਦੇਸ਼ ਜਾਣ ਦਾ ਸੁਪਨਾ ਪੂਰਾ ਕਰਨ ਲਈ ਉਸ ਨੇ ਪਰਿਵਾਰ ਨੂੰ ਮਜਬੂਰ ਕਰ ਦਿੱਤਾ। ਇਸ ਸਬੰਧੀ ਉਸ ਨੇ ਦਿੱਲੀ ਵਿਖੇ ਏਜੰਟ ਮੁਕਲ ਕੁਮਾਰ ਨਾਲ ਗੱਲਬਾਤ ਕੀਤੀ। ਉਸ ਏਜੰਟ ਨਾਲ ਮੈਕਸੀਕੋ ਬਾਰਡਰ ਦੇ ਰਾਹੀਂ ਅਮਰੀਕਾ ਭੇਜਣ ਦਾ ਸੌਦਾ 45 ਲੱਖ ਵਿੱਚ ਤੈਅ ਹੋ ਗਿਆ ਅਤੇ ਉਹ 27 ਜੁਲਾਈ 2024 ਨੂੰ ਮੁੰਬਈ ਹਵਾਈ ਅੱਡੇ ਤੋਂ 20 ਲੱਖ ਰੁਪਏ ਏਜੰਟ ਮੁਕਲ ਕੁਮਾਰ ਦੇ ਆਦਮੀਆਂ ਨੂੰ ਦੇ ਕੇ ਅਮਰੀਕਾ ਲਈ ਰਵਾਨਾ ਹੋਇਆ ਅਤੇ ਬਾਕੀ ਦੀ ਰਕਮ ਗੁਹਾਨਾ ਕੋਲੰਬੀਆ ਕਾਸਟ ਕਿਰੀਆ ਮੈਕਸੀਕੋ ਬਾਰਡਰ ਰਾਹੀਂ ਅਮਰੀਕਾ ਵਿੱਚ ਪਹੁੰਚਦਿਆਂ 25 ਲੱਖ ਰੁਪਏ ਮੁੜ ਏਜੰਟ ਮੁਕਲ ਕੁਮਾਰ ਦੇ ਆਦਮੀਆਂ ਨੂੰ ਦੇ ਦਿੱਤੇ। ਉਸ ਨੇ ਦੱਸਿਆ ਕਿ ਛੇ ਮਹੀਨੇ ਦੇ ਸਮੇਂ ਵਿੱਚ ਡੌਂਕੀ ਦੌਰਾਨ ਕਈ ਕਈ ਦਿਨ ਜੰਗਲਾਂ ਵਿੱਚ ਉਨ੍ਹਾਂ ਨੂੰ ਭੁੱਖਿਆ ਵੀ ਰਹਿਣਾ ਪਿਆ ਹੈ, ਜਿੱਥੇ ਉਸ ਨਾਲ ਤਰਕੀਬਨ 15 ਤੋਂ 20 ਲੜਕੇ ਲੜਕੀਆਂ ਅਤੇ ਬੱਚੇ ਸਨ। ਜੰਗਲਾਂ ਵਿੱਚੋਂ ਲੰਘਦਿਆਂ ਉਨ੍ਹਾਂ ਨੇ ਕਈ ਨੌਜਵਾਨਾਂ ਦੀਆਂ ਲਾਸ਼ਾਂ ਵੀ ਤੱਕੀਆਂ। ਉਸਨੇ ਅੱਗੇ ਦੱਸਿਆ ਕਿ ਡੌਂਕਰਾਂ ਵੱਲੋਂ ਉਨ੍ਹਾਂ ਦੇ ਮੋਬਾਈਲ ਆਪਣੇ ਕੋਲ ਰੱਖ ਲਏ ਜਾਂਦੇ ਸਨ। ਮੈਕਸੀਕੋ ਪਹੁੰਚਦਿਆਂ ਅਮਰੀਕਾ ਪੁਲਿਸ ਵੱਲੋਂ 22 ਜਨਵਰੀ 2025 ਨੂੰ ਉਸਨੂੰ ਗ੍ਰਿਫਤਾਰ ਕਰ ਲਿਆ ਗਿਆ ਅਤੇ ਕੈਂਪ ਵਿੱਚ ਭੇਜ ਦਿੱਤਾ ਗਿਆ, ਜਿੱਥੇ ਕਈ ਸੈਂਕੜੇ ਪੰਜਾਬੀ ਨੌਜਵਾਨ ਪੜਤਾਲ ਅਧੀਨ ਹਨ। ਅਜੇਦੀਪ ਸਿੰਘ ਦੀ ਮਾਂ ਦਲਜੀਤ ਕੌਰ ਨੇ ਭਰੇ ਹੋਏ ਮਨ ਨਾਲ ਕਿਹਾ ਕਿ ਜਿੱਥੇ ਉਨ੍ਹਾਂ ਦੇ ਪਤੀ ਰਿਟਾਇਰਮੈਂਟ ਤੋਂ ਬਾਅਦ ਅੱਜ ਕੱਲ੍ਹ ਦਿੱਲੀ ਵਿਖੇ ਗੈਰ ਸਰਕਾਰੀ ਸਿਕਿਉਰਟੀ ਗਾਰਡ ਦੀ ਨੌਕਰੀ ਕਰਕੇ ਗੁਜ਼ਾਰਾ ਕਰ ਰਹੇ ਹਨ, ਉਥੇ ਆਪਣੇ ਬੱਚੇ ਨੂੰ ਭੇਜਣ ਲਈ ਉਨ੍ਹਾਂ ਵੱਲੋਂ ਐਸ. ਬੀ.ਆਈ. ਬੈਂਕ ਤੋਂ 6 ਲੱਖ ਰੁਪਏ, ਐਚ.ਡੀ.ਐਫ.ਸੀ. ਬੈਂਕ ਕੋਲ ਆਪਣਾ ਮਕਾਨ ਗਹਿਣੇ ਰੱਖ ਕੇ 20 ਲੱਖ ਰੁਪਏ, ਭਰਾਵਾਂ ਕੋਲੋਂ 12 ਲੱਖ ਰੁਪਏ ਕਰਜ਼ਾ, ਘਰ ਦੇ ਗਹਿਣੇ ਅਤੇ ਨੌਕਰੀ ਦੇ ਮਿਲੇ ਫੰਡ ਨੂੰ ਵਰਤਦਿਆਂ ਆਪਣਾ ਸਾਰਾ ਕੁਝ ਦਾਅ 'ਤੇ ਲਗਾ ਦਿੱਤਾ ਤੇ ਅੱਜ ਉਹ 45 ਲੱਖ ਰੁਪਏ ਦੇ ਕਰਜਦਾਰ ਹੋ ਚੁੱਕੇ ਹਨ। ਇਸ ਮੌਕੇ 'ਤੇ ਗ੍ਰਾਮ ਪੰਚਾਇਤ ਬਾਬਾ ਦਰਸ਼ਨ ਸਿੰਘ ਕਲੋਨੀ ਦੇ ਸਰਪੰਚ ਅਮਨਦੀਪ ਸਿੰਘ ਸੰਧੂ ਨੇ ਪੀੜਤ ਪਰਿਵਾਰ ਦੀ ਤਰਫੋਂ ਪੰਜਾਬ ਸਰਕਾਰ ਨੂੰ ਅਪੀਲ ਕੀਤੀ ਕਿ ਨੌਜਵਾਨ ਦੇ ਪਰਿਵਾਰ ਦਾ ਸਾਰਾ ਕਰਜ਼ਾ ਮਾਫ਼ ਕਰਕੇ, ਨੌਜਵਾਨ ਨੂੰ ਸਰਕਾਰੀ ਨੌਕਰੀ ਦਿੱਤੀ ਜਾਵੇ ਤਾਂ ਕਿ ਉਹ ਆਪਣੇ ਘਰ ਦਾ ਗੁਜ਼ਾਰਾ ਚਲਾ ਸਕੇ।

# ਅਮਰੀਕਾ ਤੋਂ ਭਾਰਤੀਆਂ ਦੀ ਵਾਪਸੀ !



ਚੌਕ ਮਹਿਤਾ 8 ਫਰਵਰੀ ( ਬਾਬਾ ਸੁਖਵੰਤ ਸਿੰਘ ਚੰਨਣਕੇ)- ਅਮਰੀਕਾ ਤੋਂ ਨਾਜਾਇਜ਼ ਢੰਗ ਨਾਲ ਗਏ ਭਾਰਤੀਆਂ ਦੀ ਵਾਪਸੀ ਦਾ ਮੁੱਦਾ ਬਹੁਤ ਭਾਵਨਾਤਮਕ ਅਤੇ ਵੱਡੇ ਖਰਚੇ ਦਾ ਮੁੱਦਾ ਪਰ ਜਿਸ ਤਰ੍ਹਾਂ ਇਸ ਤੇ ਸਿਆਸਤ ਹੋ ਰਹੀ ਉੱਥੋਂ ਲੱਗਦਾ ਕਿ ਵਿਰੋਧੀ ਪਾਰਟੀਆਂ ਭਾਰਤ ਨੂੰ ਲੀਹ ਤੋਂ ਉਤਾਰਨ ਵਿੱਚ ਲੱਗੀਆਂ ਹੋਈਆਂ ਤੇ ਦੇਸ਼ ਵਾਸੀਆਂ ਨੂੰ ਸਮਝਾਉਣ ਦੀ ਥਾਂ ਗੁਮਰਾਹ ਕਰ ਰਹੀਆਂ। ਹੇਠਾਂ ਕੁਝ ਵਿਚਾਰਨਯੋਗ ਨੁਕਤੇ ਹਨ ਜਿਵੇਂ-- ਸਿਆਸਤ , ਪੁਲਿਸ ਅਤੇ ਇੰਮੀਗਰੇਸ਼ਨ ਵਾਲਿਆਂ ਦੀ ਵੱਡੀ ਸਾਂਝ ਗਾਂਠ ਹੈ । ਵਿਦੇਸ਼ੀ ਪੈਸੇ ਦੀ ਖਿੱਚ ਬਹੁਤ ਜ਼ਿਆਦਾ । ਭਾਰਤ ਦੀ ਵੱਡੀ ਆਬਾਦੀ ਵੀ ਵਿਦੇਸ਼ ਪਰਵਾਸ ਦਾ ਕਾਰਨ ਜੋ ਅਮਰੀਕਾ ਵਿਚੋਂ ਘੁਸਪੈਠੀਆਂ ਨੂੰ ਕੱਢਣ ਤੋਂ ਬਾਅਦ ਰੌਲਾ ਪੈ ਰਿਹਾ ਜਿਸ ਵਿਚ ਕਈ ਲੋਕ ਅਮਰੀਕਾ ਨੂੰ ਬੁਰਾ ਭਲਾ ਕਹਿ ਰਹੇ, ਕਈ ਭਾਰਤ ਸਰਕਾਰ ਨੂੰ ਤੇ ਕਈ ਪੰਜਾਬ ਸਰਕਾਰ ਨੂੰ ਪਰ ਬਹੁਤੇ ਲੋਕ ਘੁਸਪੈਠੀਏ ਵਾਪਸ ਆਏ ਉਹਨਾਂ ਨਾਲ ਹਮਦਰਦੀ ਦੀਆਂ ਗੱਲਾਂ ਤਾਂ ਕਰ ਰਹੇ ਪਰ ਉਂਗਲੀ ਸਰਕਾਰ ਵੱਲ ਕਰ ਰਹੇ ਕਿ ਹੁਣ ਸਰਕਾਰ ਉਹਨਾਂ ਨੂੰ ਨੌਕਰੀਆਂ ਦੇਵੇ ਤੇ ਬਣਦਾ ਮੁਆਵਜ਼ਾ ਵੀ ਦੇਵੇ। ਜੋ ਲੋਕ ਅਮਰੀਕਾ ਤੋਂ ਵਾਪਸ ਆਏ ਇਹ ਗਰੀਬ ਨਹੀਂ ਸਗੋਂ ਬਹੁਤੇ ਮਿਡਲ ਕਲਾਸ ਲੋਕ ਹਨ ਤੇ ਕਈ ਚੰਗੇ ਘਰਾਂ ਦੇ ਵੀ ਹੋਣਗੇ । ਜੋ ਔਰਤਾਂ ਬੱਚੇ ਵਾਪਸ ਆਏ ਉਹਨਾਂ ਦੇ ਪਤੀ ਪਿਤਾ ਪਹਿਲਾਂ ਹੀ ਅਮਰੀਕਾ ਹੋਣਗੇ । ਭਾਰਤ ਵਿੱਚ ਵੱਡੀ ਆਬਾਦੀ ਹੋਣ ਕਰਕੇ ਨੌਕਰੀਆਂ ਦੀ ਪ੍ਰਤੀਸ਼ਤਤਾ ਬਹੁਤ ਘੱਟ ਹੈ ਉੱਪਰੋਂ ਜੇਕਰ ਖੁਦ ਦੀ ਕਮਾਈ ਕਰਨ ਵਾਲਿਆਂ ਨਾਲ ਹੋਏ ਵਾਧੇ ਘਾਟੇ ਵਾਲਿਆਂ ਨੂੰ ਨੌਕਰੀਆਂ ਦੇਣ ਲੱਗ ਪਏ ਤਾਂ ਫਿਰ ਆਮ ਪੜ੍ਹਾਈ/ ਲਿਆਕਤ ਵਾਲੇ ਕਿੱਥੇ ਜਾਣਗੇ ? ਪਹਿਲਾਂ ਹੀ ਇਕ ਹੋਰ ਟਰੈਂਡ ਬਣ ਚੁੱਕਿਆ ਕਿ ਕਿਸੇ ਐਕਸੀਡੈਂਟ , ਸ਼ਰਾਬ ਪੀ ਕੇ , ਨਸ਼ਾ ਕਰਕੇ , ਧਰਨਿਆਂ ਵਿੱਚ ਮਰ ਜਾਵੇ ਤਾਂ ਸੜਕਾਂ ਤੇ ਲਾਸ਼ਾਂ ਰੱਖ ਸਰਕਾਰ ਕੋਲੋਂ ਪੈਸੇ ਵਸੂਲਦੇ ਤੇ ਨੌਕਰੀਆਂ ਲੈਂਦੇ ਜੋ ਵੋਟਾਂ ਖੁੱਸਣ ਦੇ ਡਰ ਤੋਂ ਸਰਕਾਰਾਂ ਮੰਨੀ ਵੀ ਜਾ ਰਹੀਆਂ । ਇਹ ਜ਼ਰੂਰ ਮੰਨਣਾ ਪਵੇਗਾ ਕਿ ਕੱਚੇ ਪੱਕੇ ਇਮੀਗਰੇਸ਼ਨ ਵਾਲੇ ਬਹੁਤ ਸਾਰੇ ਠੇਕੇ ਖੁੱਲੇ ਹੋਏ ਜਿਹਨਾਂ ਬਾਰੇ ਬਹੁਤ ਸਾਰੀਆਂ ਸ਼ਿਕਾਇਤਾਂ ਦੀਆਂ ਖ਼ਬਰਾਂ ਛਪਦੀਆਂ ਪਰ ਸਰਕਾਰਾਂ ਦੇ ਕੰਨਾਂ ਤੇ ਜੂੰ ਨਹੀਂ ਸਰਕਦੀ ਅਤੇ ਪੁਲਿਸ ਦਾ ਕਈ ਥਾਵਾਂ ਪੱਕਾ ਗਠਜੋੜ ਬਣਿਆ ਹੋਇਆ । ਸਰਕਾਰੀ ਕਾਲਜਾਂ ਵਿੱਚ ਬੱਚੇ ਘੱਟ ਅਤੇ ਥਾਂ ਥਾਂ ਆਈਲੈਟਸ ਵਾਲੀਆਂ ਦੁਕਾਨਾਂ ਜ਼ਿਆਦਾ ਖੁੱਲੀਆਂ ਹੋਈਆਂ।ਇਸ ਤੋਂ ਵੀ ਇਨਕਾਰ ਨਹੀਂ ਕੀਤਾ ਜਾ ਸਕਦਾ ਕਿ ਲੋਕ ਇਹਨਾਂ ਦੁਕਾਨਾਂ ਤੇ ਜਾ ਕੇ ਕਹਿੰਦੇ ਕਿ ਜਿਵੇਂ ਮਰਜ਼ੀ ਕਰੋ ਤੇ ਜਿੰਨੇ ਮਰਜ਼ੀ ਪੈਸੇ ਲੈ ਲਵੋ ਪਰ ਮੁੰਡੇ ਕੁੜੀ ਨੂੰ ਬਾਹਰ ਜ਼ਰੂਰ ਭੇਜੋ । ਇੱਥੋਂ ਤੱਕ ਕੇ ਸਕੇ ਭੈਣ ਭਰਾ , ਪਿਓ ਧੀ ਨੇ ਵਿਆਹ ਕਰਵਾ ਕੇ ਵਿਦੇਸ਼ ਜਾਣ ਦੀਆਂ ਖ਼ਬਰਾਂ ਆਉਂਦੀਆਂ ਰਹੀਆਂ । ਪੜ੍ਹਾਈ ਕਰਨ ਗਏ ਬੱਚੇ ਵੀ ਪੜ੍ਹਾਈ ਘੱਟ ਤੇ ਪੈਸੇ ਕਮਾਉਣ ਤੇ ਜ਼ਿਆਦਾ ਜ਼ੋਰ ਦਿੰਦੇ। ਜੇਕਰ ਸਾਰਾ ਵਿਹੜਾ ਹੀ ਖਰਾਬ ਹੋਇਆ ਪਿਆ ਤਾਂ ਹੁਣ ਜੁਮੇਵਾਰੀ ਜ਼ਿਆਦਾ ਅਪਣੇ ਸਿਰ ਲੈਣੀ ਪਵੇਗੀ ਤੇ ਸਰਕਾਰ ਨੂੰ ਵੀ ਇਲਲੀਗਲ ਕੰਮ ਕਰਨ ਵਾਲਿਆਂ ਤੇ ਕਾਰਵਾਈ ਕਰਨੀ ਪਵੇਗੀ ।ਵਿਰੋਧੀ ਪਾਰਟੀਆਂ ਜਿਸ ਢੰਗ ਨਾਲ ਸ਼ੋਰ ਮਚਾ ਰਹੀਆਂ ਉਹ ਸਿਰਫ ਸਿਆਸਤ ਹੈ ਤੇ ਦੇਸ਼ ਨੂੰ ਸਹੀ ਲੀਹ ਤੇ ਨਾ ਚੱਲਣ ਦੇਣ ਦੀ ਕੋਸ਼ਿਸ਼ ਹੈ ।ਸਰਕਾਰ ਨੂੰ ਚਾਹੀਦਾ ਕਿ ਜਿੰਨਾਂ ਏਜੰਟਾਂ ਨੇ ਗਲਤ ਢੰਗ ਨਾਲ ਲੋਕ ਬਾਹਰ ਭੇਜੇ, ਉਹਨਾਂ ਦੀ ਜਾਇਦਾਦ ਜ਼ਬਤ ਕਰਕੇ , ਬਾਹਰੋਂ ਵਾਪਸ ਆਏ ਲੋਕਾਂ ਨੂੰ ਵੰਡ ਦੇਣੀ ਚਾਹੀਦੀ ਅਤੇ ਲੋਕਾਂ ਨੂੰ ਗੁੰਮਰਾਹ ਕਰਨ ਲਈ ਕ੍ਰਿਮੀਨਲ ਕੇਸ ਦਰਜ ਕਰਕੇ ਸਖ਼ਤ ਕਾਰਵਾਈ ਕਰਨੀ ਚਾਹੀਦੀ।

**ਡਾ ਦਲੇਰ ਸਿੰਘ ਮੁਲਤਾਨੀ, ਸਿਵਲ ਸਰਜਨ ( ਰਿਟਾ )**
**9814127296, 7717319896**

ਆਵਾਜ਼ਿ ਕੌਮ AWAZE QAUM International Newspaper & WEB TV

# ਇੱਕ ਨਜ਼ਰ...



## ਦਾਤਾ ਬੰਦੀ ਛੋੜ ਪਬਲਿਕ ਸਕੂਲ ਦੇ ਵਿਦਿਆਰਥੀਆਂ ਵੱਲੋਂ ਲਗਾਈ ਭਾਫ ਪ੍ਰਦਰਸ਼ਨੀ

ਚੌਕ ਮਹਿਤਾ, 8 ਫਰਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)- ਭਾਈ ਗੁਰਇਕਬਾਲ ਸਿੰਘ ਜੀ ਅਤੇ ਭਾਈ ਅਮਨਦੀਪ ਸਿੰਘ ਜੀ ਦੀ ਰਹਿਨੁਮਾਈ ਹੇਠ ਚੱਲ ਰਹੇ ਦਾਤਾ ਬੰਦੀ ਛੋੜ ਪਬਲਿਕ ਸਕੂਲ ਵਿੱਚ 'ਭਾਫ ਪ੍ਰਦਰਸ਼ਨੀ' ਲਗਾਈ ਗਈ। ਇਸ ਪ੍ਰਦਰਸ਼ਨੀ ਦੇ ਵਿੱਚ ਵਿਦਿਆਰਥੀਆਂ ਵੱਲੋਂ ਅੰਗਰੇਜ਼ੀ, ਮੈਥ, ਸਾਇੰਸ, ਸਮਾਜਿਕ-ਸਿੱਖਿਆ, ਪੰਜਾਬੀ, ਹਿੰਦੀ, ਧਾਰਮਿਕ ਵਿੱਦਿਆ, ਕੰਪਿਊਟਰ ਆਦਿ ਵਿਸ਼ਿਆਂ ਦੇ ਉੱਪਰ ਬਹੁਤ ਸੁੰਦਰ ਮਾਡਲ ਬਣਾ ਤਿਆਰ ਕੀਤੇ ਗਏ। ਵਿਦਿਆਰਥੀਆਂ ਵੱਲੋਂ ਅਲੱਗ-ਅਲੱਗ ਥੀਮਾਂ ਦੇ ਉੱਪਰ ਚਾਰਟ ਅਤੇ ਵਰਕਿੰਗ ਮਾਡਲ ਬਣਾ ਕੇ ਪ੍ਰਦਰਸ਼ਿਤ ਕੀਤੇ ਗਏ। ਮਨੁੱਖੀ ਰਹਿੰਦ- ਖੂੰਹਦ ਅਤੇ ਉਦਯੋਗਿਕ ਕਬਾੜ ਦੇ ਖੂਬਸੂਰਤ ਮਾਡਲ ਅਤੇ ਉਹਨਾਂ ਦੀ ਸਹੀ ਸੰਭਾਲ ਕੀਤੇ ਹੋਏ ਮਾਡਲ ਵੀ ਪ੍ਰਦਰਸ਼ਨੀ ਵਿੱਚ ਲਗਾਏ ਗਏ। ਫਲੈਸ਼ ਕਾਰਡ, ਮਾਡਲਾਂ ਅਤੇ ਡਿਸਪਲੇਅ ਯੂਨਿਟਾਂ ਦੀਆਂ ਪੇਸ਼ਕਾਰੀਆਂ ਬੇਸ਼ਕ ਵਿਲੱਖਣ ਪ੍ਰਭਾਵ ਪਾਉਂਦੀਆਂ ਨਜ਼ਰ ਆਈਆਂ। ਪੰਜਾਬੀ ਡਿਪਾਰਟਮੈਂਟ ਵੱਲੋਂ ਪੰਜਾਬੀ ਸੱਭਿਆਚਾਰ ਦੀ ਇੱਕ ਬਹੁਤ ਸੁੰਦਰ ਤਸਵੀਰ ਪੇਸ਼ ਕੀਤੀ ਗਈ। ਇਸ ਉਪਰਾਲੇ ਵਿੱਚ ਮਾਪਿਆਂ ਅਤੇ ਅਧਿਆਪਕਾਂ ਵੱਲੋਂ ਵੀ ਹਰ ਵਿਦਿਆਰਥੀ ਨੂੰ ਜ਼ਰੂਰਤ ਅਨੁਸਾਰ ਸਹਿਯੋਗ ਦਿੱਤਾ ਗਿਆ। ਇਸ ਪ੍ਰਦਰਸ਼ਨੀ ਨੂੰ ਵੇਖਣ ਦੇ ਲਈ ਵਿਦਿਆਰਥੀ ਆਪਣੇ ਮਾਪਿਆਂ ਦੇ ਨਾਲ ਸਕੂਲ ਵਿੱਚ ਪਹੁੰਚੇ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਮੈਡਮ ਆਰਤੀ ਸੂਦ ਜੀ ਨੇ ਵਿਦਿਆਰਥੀਆਂ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ ਅਤੇ ਉਨ੍ਹਾਂ ਨੂੰ ਭਵਿੱਖ ਵਿੱਚ ਹੋਰ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ। ਸਕੂਲ ਦੇ ਮੈਨੇਜਿੰਗ ਡਾਇਰੈਕਟਰ ਭਾਈ ਅਮਨਦੀਪ ਸਿੰਘ ਜੀ ਨੇ ਵਿਦਿਆਰਥੀਆਂ ਅਤੇ ਸਮੂਹ ਸਟਾਫ ਦੀ ਸ਼ਲਾਘਾ ਕੀਤੀ ਅਤੇ ਹੋਰ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ।

## ਦਿੱਲੀ ਚ ਭਾਜਪਾ ਦੀ ਸ਼ਾਨਦਾਰ ਜਿੱਤ ਤੇ ਮਲਕੀਤ ਸਿੰਘ ਬੱਲ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਦਿੱਤੀ ਵਧਾਈ



ਅੰਮ੍ਰਿਤਸਰ, 8 ਫਰਵਰੀ (ਆਵਾਜ਼ਿ ਕੌਮ ਬਿਊਰੋ)- ਦਿੱਲੀ ਚ ਭਾਜਪਾ ਦੀ ਸ਼ਾਨਦਾਰ ਜਿੱਤ 'ਤੇ ਸਿੱਖ ਸਮਾਜ ਅਤੇ ਦਿੱਲੀ ਵਾਸੀਆਂ ਚ ਖੁਸ਼ੀ ਅਤੇ ਉਤਸਾਹ ਦੀ ਲਹਿਰ ਦੌੜ ਗਈ ਹੈ ਸਿੱਖ ਸਮਾਜ ਅਤੇ ਦਿੱਲੀ ਵਾਸੀਆ ਨੇ ਹਾਲ ਹੀ ਚੋਣਾਂ ਦੌਰਾਨ ਭਾਜਪਾ ਦੀ ਜਿੱਤ ਲਈ ਖੁੱਲ੍ਹਾ ਸਮਰਥਨ ਜਤਾਇਆ ਸੀ ਇਹ ਸਮਰਥਨ ਭਾਰਤ ਦੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਵਲੋ ਭਾਰਤ ਚ ਕੀਤੇ ਜਾ ਰਹੇ ਵਿਕਾਸ ਕਾਰਜਾਂ ਦੀ ਪ੍ਰਸੰਸਾ ਵਜੋਂ ਦਿੱਤਾ ਗਿਆ ਪੱਤਰਕਾਰਾ ਨਾਲ ਗੱਲਬਾਤ ਕਰਦਿਆਂ ਚੇਅਰਮੈਂਨ ਮਹਾਰਾਸਟਰ ਰਾਜ ਪੰਜਾਬੀ ਸਾਹਿਤ ਅਕਾਦਮੀ ਮਲਕੀਤ ਸਿੰਘ ਬੱਲ ਨੇ ਦੱਸਿਆ ਕਿ ਮਹਾਰਾਸ਼ਟਰ ਦੇ ਸਿੱਖ ਸਮਾਜ ਦੀ ਤਰਫੋਂ ਅਸੀਂ ਭਾਰਤ ਦੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਜੀ ਨੂੰ ਦਿਲੋਂ ਵਧਾਈ ਅਤੇ ਸੁਭਕਾਮਨਾਵਾਂ ਦਿੰਦੇ ਹਾਂ ਚੇਅਰਮੈਨ ਬੱਲ ਨੇ ਕਿਹਾ ਕਿ ਸਾਨੂੰ ਪੂਰਾ ਵਿਸਵਾਸ ਹੈ ਕਿ ਸ੍ਰੀ ਨਰਿੰਦਰ ਮੋਦੀ ਜੀ ਦੀ ਅਗਵਾਈ ਹੇਠ ਦਿੱਲੀ ਤਰੱਕੀ ਦੇ ਰਾਹ 'ਤੇ ਅੱਗੇ ਵਧੇਗਾ ਅਤੇ ਭਾਜਪਾ ਸਰਕਾਰ ਦਿੱਲੀ ਦੇ ਸਮਾਜਿਕ ਅਤੇ ਬੁਨਿਆਦੀ ਢਾਂਚੇ ਨੂੰ ਮਜਬੂਤ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਉਹਨਾ ਕਿਹਾ ਕਿ ਦਿੱਲੀ ਦੇ ਲੋਕਾਂ ਨੇ ਦਿਖਾ ਦਿੱਤਾ ਹੈ ਕਿ ਜਨਤਾ ਨੂੰ ਵਾਰ ਵਾਰ ਝੂਠੇ ਵਾਅਦਿਆਂ ਨਾਲ ਗੁੰਮਰਾਹ ਨਹੀਂ ਕੀਤਾ ਜਾ ਸਕਦਾ

## ਗੁਰੂ ਕਾਸ਼ੀ ਯੂਨੀਵਰਸਿਟੀ ਦਾ ਰੁਜ਼ਗਾਰ ਮੇਲਾ 11 ਫਰਵਰੀ ਨੂੰ



ਤਲਵੰਡਾ ਸਾਬੋ, 8 ਫਰਵਰੀ (ਗੁਰਜੰਟ ਸਿੰਘ ਨਥੇਹਾ)- ਸਿੱਖਿਆ ਦੇ ਨਾਲ-ਨਾਲ ਵਿਦਿਆਰਥੀਆਂ ਨੂੰ ਆਰਥਿਕ ਪੱਖੋਂ ਮਜ਼ਬੂਤ ਕਰਨ ਲਈ ਪ੍ਰੋ. (ਡਾ.) ਪੀਯੂਸ਼ ਵਰਮਾ ਕਾਰਜਕਾਰੀ ਉਪ ਕੁਲਪਤੀ ਦੀ ਦੇਖ-ਰੇਖ ਹੇਠ ਗੁਰੂ ਕਾਸ਼ੀ ਯੂਨੀਵਰਸਿਟੀ ਦੇ ਟ੍ਰੇਨਿੰਗ ਐਂਡ ਪਲੇਸਮੈਂਟ ਸੈੱਲ ਵੱਲੋਂ ਫੈਕਲਟੀ ਆਫ਼ ਐਜੂਕੇਸ਼ਨ ਐਂਡ ਇੰਨਫੋਰਮੇਸ਼ਨ ਸਾਇੰਸਜ਼ ਤੇ ਫੈਕਲਟੀ ਆਫ਼ ਫਿਜ਼ੀਕਲ ਐਜੂਕੇਸ਼ਨ ਵੱਲੋਂ 11 ਫਰਵਰੀ ਨੂੰ ਯੂਨੀਵਰਸਿਟੀ ਕੈਂਪਸ ਵਿਖੇ ਸਵੇਰੇ 10 ਵਜੇ ਰੁਜ਼ਗਾਰ ਮੇਲੇ ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਸ ਬਾਰੇ ਜਾਣਕਾਰੀ ਦਿੰਦਿਆਂ ਡਾ. ਵਰਮਾ ਨੇ ਦੱਸਿਆ ਕਿ ਮੇਲੇ ਵਿੱਚ ਉੱਤਰੀ ਭਾਰਤ ਦੇ ਲਗਭਗ 30 ਅਦਾਰੇ ਆਪਣੀਆਂ ਜ਼ਰੂਰਤਾਂ ਅਨੁਸਾਰ ਯੋਗ ਉਮੀਦਵਾਰਾਂ ਦੀ ਚੋਣ ਕਰਨਗੇ। ਉਹਨਾਂ ਦੱਸਿਆ ਕਿ ਮੇਲੇ ਵਿੱਚ ਕਈ ਯੋਗ ਉਮੀਦਵਾਰਾਂ ਨੂੰ ਮੌਕੇ ਤੇ ਹੀ ਨਿਯੁਕਤੀ ਪੱਤਰ ਦਿੱਤੇ ਜਾਣ ਦੀਆਂ ਸੰਭਾਵਨਾਵਾਂ ਹਨ। ਇਸ ਲਈ ਇਛੁੱਕ ਅਤੇ ਯੋਗ ਉਮੀਦਵਾਰ ਆਪਣੇ ਫੋਟੋਗ੍ਰਾਫ, ਵਿੱਦਿਅਕ ਯੋਗਤਾ ਦੇ ਅਸਲ ਤੇ ਫੋਟੋ ਕਾਪੀ ਪ੍ਰਮਾਣ ਪੱਤਰ, ਜਨਮ, ਜਾਤੀ, ਆਮਦਨ ਆਦਿ ਸੰਬੰਧੀ ਲੋੜੀਂਦੇ ਸਰਟੀਫਿਕੇਟ ਲੈ ਕੇ ਨਿਸ਼ਚਿਤ ਸਥਾਨ ਤੇ ਸਮੇਂ ਸਿਰ ਪੁੱਜਣ। ਉਨ੍ਹਾਂ ਦੱਸਿਆ ਕਿ ਵਰਸਿਟੀ ਵੱਲੋਂ ਵੱਖ-ਵੱਖ ਸਮੇਂ 'ਤੇ ਵਿਦਿਆਰਥੀਆਂ ਨੂੰ ਸਵੈ-ਉਦਯੋਗ ਸਥਾਪਿਤ ਕਰਨ, ਲੋੜੀਂਦੀਆਂ ਪ੍ਰਕਿਰਿਆਵਾਂ, ਬੈਂਕਾਂ ਤੋਂ ਲੋਨ ਲੈਣ ਸੰਬੰਧੀ ਜਾਣਕਾਰੀ ਲਈ ਵਰਕਸ਼ਾਪ ਅਤੇ ਟ੍ਰੇਨਿੰਗ ਕੈਂਪਾਂ ਦਾ ਵੀ ਆਯੋਜਨ ਕੀਤਾ ਜਾਂਦਾ ਹੈ। ਇਸ ਤੋਂ ਇਲਾਵਾ ਵਿਦਿਆਰਥੀਆਂ ਦੇ ਵਿਅਕਤੀਤਵ ਵਿਕਾਸ ਅਤੇ ਇੰਟਰਵਿਊ ਦੀ ਤਿਆਰੀ ਲਈ ਵੱਖ-ਵੱਖ ਮਾਹਿਰਾਂ ਵੱਲੋਂ ਟ੍ਰੇਨਿੰਗ ਪ੍ਰੋਗਰਾਮ ਵੀ ਆਯੋਜਿਤ ਕੀਤੇ ਜਾਂਦੇ ਹਨ। ਡਾ. ਵਿਕਾਸ ਗੁਪਤਾ, ਡਿਪਟੀ ਡਾਇਰੈਕਟਰ ਟ੍ਰੇਨਿੰਗ ਐਂਡ ਪਲੇਸਮੈਂਟ ਨੇ ਜਾਣਕਾਰੀ ਦਿੱਤੀ ਕਿ ਵਿਦਿਆਰਥੀਆਂ ਦੇ ਉਜੱਵਲ ਭਵਿੱਖ ਲਈ ਹਰ ਮਹੀਨੇ ਰੁਜ਼ਗਾਰ ਮੇਲੇ ਆਯੋਜਿਤ ਕਰਨ ਦੇ ਯਤਨ ਕੀਤੇ ਜਾਣਗੇ।

# ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਵਿਖੇ ਮਹਾਨ ਨਗਰ ਕੀਰਤਨ 12 ਫਰਵਰੀ ਨੂੰ: ਸੰਤ ਬਾਬਾ ਸੁੱਚਾ ਸਿੰਘ



ਫ਼ਿਰੋਜ਼ਪੁਰ, 8 ਫਰਵਰੀ (ਮਨੋਹਰ ਲਾਲ) :— ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਵਿਖੇ ਮਹਾਨ ਨਗਰ ਕੀਰਤਨ 12 ਫਰਵਰੀ ਨੂੰ ਸਜਾਇਆ ਜਾ ਰਿਹਾ ਹੈ। ਇਹ ਜਾਣਕਾਰੀ ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਦੇ ਮੁੱਖ ਸੇਵਾਦਾਰ ਸ੍ਰੀਮਾਨ ਸੰਤ ਬਾਬਾ ਸੁੱਚਾ ਸਿੰਘ ਜੀ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਧੰਨ—ਧੰਨ ਸ੍ਰੀ ਗੁਰੂ ਹਰਿ ਰਾਇ ਸਾਹਿਬ ਜੀ ਦੇ ਅਵਤਾਰ ਗੁਰਪੁਰਬ ਨੂੰ ਸਮਰਪਿਤ ਧੰਨ—ਧੰਨ ਬਾਬਾ ਕੁੰਦਨ ਸਿੰਘ ਜੀ ਦੇ 100 ਸਾਲਾ ਸ਼ਤਾਬਦੀ ਨੂੰ ਸਮਰਪਿਤ ਧੰਨ—ਧੰਨ ਬਾਬਾ ਕੁੰਦਨ ਸਿੰਘ ਜੀ ਦੇ ਪਵਿੱਤਰ ਬਰਸੀ ਨੂੰ ਸਮਰਪਿਤ ਨਗਰ ਕੀਰਤਨ ਸਜਾਇਆ ਜਾ ਰਿਹਾ ਹੈ। ਇਹ ਮਹਾਨ ਨਗਰ ਕੀਰਤਨ ਧੰਨ—ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਪੰਜ ਪਿਆਰਿਆਂ ਦੀ ਅਗਵਾਈ ਵਿਚ ਇਕ ਫੱਗਣ (12 ਫਰਵਰੀ) 2025 ਦਿਨ ਬੁੱਧਵਾਰ ਨੂੰ ਸਰਬੱਤ ਸੰਗਤਾਂ ਦੇ ਸਹਿਯੋਗ ਸਦਕਾ ਗੁਰਦੁਆਰਾ ਨਾਨਕਸਰ ਠਾਠ ਚੱਕ ਘੁਬਾਈ ਛਾਂਗਾ ਖੁਰਦ ਤੋਂ ਸਵੇਰੇ 8 ਵਜੇ ਆਰੰਭ ਹੋ ਕੇ ਪਿੰਡ ਮੁਰਕਵਾਲਾ, ਟਿੱਬੀ ਕਲਾਂ, ਕੜਮਾ, ਨਵਾਂ ਕਿਲਾ, ਕਿਲੀ ਵਿਖੇ ਲੰਗਰ ਦੀ ਸੇਵਾ, ਸੋਢੀ ਵਾਲਾ, ਡੋਡ, ਪੀਰ ਕੇ, ਭੂਰੇ ਖੁਰਦ, ਫੁਲਰਵੰਨ, ਜੰਗਾ ਵਾਲਾ ਮੋੜ, ਸਦਰਦੀਨ, ਕਾਲਾ ਟਿੱਬਾ, ਟਿੱਬੀ ਖੁਰਦ, ਕੋਟ ਆਸਾ ਸਿੰਘ ਵਾਲਾ, ਪੀਰੂ ਵਾਲਾ, ਰੋੜੇ ਵਾਲਾ, ਵਾਹਕੇ, ਮੱਲਾ ਕਰੀ, ਲੱਖਾ ਹਾਜੀ, ਨਿਆਜੀਆਂ, ਕਾਕੜ ਪਿੰਡਾਂ ਵਿਚੋਂ ਹੁੰਦਾ ਹੋਇਆ ਸ਼ਾਮ 6 ਵਜੇ ਵਾਪਸ ਨਾਨਕਸਰ ਪਹੁੰਚੇਗਾ ਅਤੇ ਸ਼ਾਮ ਦਾ ਲੰਗਰ ਨਾਨਕਸਰ ਢਾਣੀਆਂ ਦੀ ਸੰਗਤ ਵੱਲੋਂ ਹੋਵੇਗਾ। ਇਸ ਮਹਾਨ ਨਗਰ ਕੀਰਤਨ ਵਿਚ ਗਤਕਾ ਪਾਰਟੀ ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਗੱਤਕੇ ਦੇ ਜ਼ੌਹਰ ਵਿਖਾਉਣਗੀਆਂ ਅਤੇ ਬੈਡ ਪਾਰਟੀ ਵੀ ਆਪਣੀ ਕਲਾਂ ਦੇ ਜ਼ੌਹਰ ਵਿਖਾਏ ਜਾਣਗੇ। ਸ੍ਰੀਮਾਨ ਸੰਤ ਬਾਬਾ ਸੁੱਚਾ ਸਿੰਘ ਜੀ ਨੇ ਅੱਗੇ ਦੱਸਿਆ ਕਿ 14 ਫਰਵਰੀ (3 ਫੱਗਣ) ਦਿਨ ਸ਼ੁਕਰਵਾਰ ਨੂੰ ਸਲਾਨਾ ਮਹਾਨ ਸੰਤ ਸਮਾਗਮ ਕਰਵਾਇਆ ਜਾ ਰਿਹਾ ਹੈ ਅਤੇ ਸ੍ਰੀ ਆਖੰਡ ਪਾਠਾਂ ਦੀ ਇਕੋਤਰੀ ਦੇ ਭੋਗ ਪਾਏ ਜਾਣਗੇ। ਇਸ ਮੌਕੇ ਭਾਰੀ ਗਿਣਤੀ ਵਿਚ ਸੰਤ ਮਹਾਂਪੁਰਸ਼ ਗੁਣੀ ਗਿਆਨੀ, ਵਿਦਵਾਨ, ਕਥਾਵਾਚਕ, ਰਾਗੀ, ਢਾਡੀ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਗੁਰਇਤਿਹਾਸ ਸੁਣਾ ਕੇ ਨਿਹਾਲ ਕਰਨਗੇ। ਸੰਤ ਬਾਬਾ ਸੁੱਚਾ ਸਿੰਘ ਨੇ ਸਮੂਹ ਸੰਗਤਾਂ ਨੂੰ ਬੇਨਤੀ ਕੀਤੀ ਕਿ ਉਹ ਦੋ ਦਿਨ 12 ਫਰਵਰੀ ਮਹਾਨ ਨਗਰ ਕੀਰਤਨ ਅਤੇ 14 ਫਰਵਰੀ ਨੂੰ ਭਾਰੀ ਗਿਣਤੀ ਵਿਚ ਪਹੁੰਚ ਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰੋ ਜੀ। ਇਸ ਮੌਕੇ ਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਜਾਵੇਗਾ।

# ਕੌਂਸਲ ਵੱਲੋਂ ਬਜ਼ੁਰਗਾਂ ਦੇ ਜਨਮਦਿਨ ਉਨ੍ਹਾਂ ਦੇ ਘਰਾਂ ਵਿੱਚ ਮਨਾਏ ਜਾਣਗੇ: ਸ਼ਰਮਾ



ਫ਼ਿਰੋਜ਼ਪੁਰ, 8 ਫਰਵਰੀ (ਮਨੋਹਰ ਲਾਲ) :— ਕੁਝ ਸਮਾਂ ਪਹਿਲਾਂ, ਭਾਰਤੀ ਰਿਜ਼ਰਵ ਬੈਂਕ ਨੇ ਇੱਕ ਆਦੇਸ਼ ਜਾਰੀ ਕੀਤਾ ਸੀ ਜਿਸ ਵਿੱਚ ਭਾਰਤੀ ਰਿਜ਼ਰਵ ਬੈਂਕ ਨੇ ਸਾਰੇ ਬੈਂਕਾਂ ਨੂੰ ਸੀਨੀਅਰ ਨਾਗਰਿਕਾਂ ਨੂੰ ਉਨ੍ਹਾਂ ਦੇ ਘਰਾਂ ਵਿੱਚ ਬੈਂਕਿੰਗ ਸਹੂਲਤਾਂ ਪ੍ਰਦਾਨ ਕਰਨ ਦੇ ਨਿਰਦੇਸ਼ ਦਿੱਤੇ ਸਨ। ਇਸ ਸਬੰਧੀ ਆਪਣੇ ਵਿਚਾਰ ਸਾਂਝੇ ਕਰਦਿਆਂ ਕੌਂਸਲ ਪ੍ਰਧਾਨ ਸ਼੍ਰੀ ਪੀ.ਡੀ ਸ਼ਰਮਾ ਨੇ ਦੱਸਿਆ ਕਿ ਹਾਲਾਂਕਿ ਸਾਰੇ ਬੈਂਕ ਸੀਨੀਅਰ ਨਾਗਰਿਕਾਂ ਨੂੰ ਉਨ੍ਹਾਂ ਦੇ ਦਰਵਾਜ਼ੇ ਤੇ ਸਹੂਲਤਾਂ ਉਪਲਬਧ ਕਰਾਉਣ ਵਿੱਚ ਸਫਲ ਨਹੀਂ ਹੋ ਸਕੇ। ਇਸ ਗੱਲ ਨੂੰ ਧਿਆਨ ਵਿੱਚ ਰੱਖਦੇ ਹੋਏ, ਸੀਨੀਅਰ ਸਿਟੀਜ਼ਨ ਕੌਂਸਲ ਰਜਿ ਫਿਰੋਜ਼ਪੁਰ ਨੇ ਫੈਸਲਾ ਕੀਤਾ ਹੈ ਕਿ ਕੌਂਸਲ ਦੇ ਕਿਸੇ ਵੀ ਮੈਂਬਰ ਦੀ ਮੰਗ ਨੂੰ ਧਿਆਨ ਵਿੱਚ ਰੱਖਦੇ ਹੋਏ, ਕੌਂਸਲ ਅਧਿਕਾਰੀਆਂ ਦਾ ਇੱਕ ਵਫ਼ਦ ਸਬੰਧਤ ਸੀਨੀਅਰ ਸਿਟੀਜ਼ਨ ਦੇ ਘਰ ਜਾਵੇਗਾ, ਉਸਨੂੰ ਮਿਲੇਗਾ ਅਤੇ ਉਸ ਦਾ ਜਨਮਦਿਨ ਉਸਦੇ ਘਰ ਉਸਦੇ ਪਰਿਵਾਰ ਨਾਲ ਬਹੁਤ ਧੂਮ—ਧਾਮ ਨਾਲ ਮਨਾਏਗਾ ਤਾਂ ਜੋ ਸਮਾਜ ਵਿੱਚ ਆਪਸੀ ਭਾਈਚਾਰਾ ਅਤੇ ਪਰਿਵਾਰਕ ਏਕਤਾ ਵਧ ਸਕੇ ਅਤੇ ਬਜ਼ੁਰਗਾਂ ਨੂੰ ਘਰ ਵਿੱਚ ਆਪਣੇ ਬੱਚਿਆਂ ਤੋਂ ਮਾਨ ਸਮਾਨ ਸਤਿਕਾਰ ਅਤੇ ਪਿਆਰ ਮਿਲ ਸਕੇ। ਇਹ ਮੁਹਿੰਮ ਜਨਵਰੀ 2025 ਤੋਂ ਸ਼ੁਰੂ ਕੀਤੀ ਗਈ ਸੀ ਅਤੇ ਇਸਦੇ ਨਤੀਜੇ ਬਹੁਤ ਵਧੀਆ ਦਿਖਾਈ ਦੇ ਰਹੇ ਹਨ।\ ਉਨ੍ਹਾਂ ਦੱਸਿਆ ਕਿ ਇਸ ਮੁਹਿੰਮ ਦੀ ਅਗਲੀ ਕੜੀ ਵਿਚ 6 ਫਰਵਰੀ 2025 ਨੂੰ ਸੀਨੀਅਰ ਸਿਟੀਜ਼ਨ ਕੌਂਸਲ ਦੇ ਜਨਰਲ ਸਕੱਤਰ ਸਵਰਨ ਸਿੰਘ ਸੁਹਾਣਾ ਦਾ ਜਨਮਦਿਨ ਸੀਨੀਅਰ ਸਿਟੀਜ਼ਨ ਕੌਂਸਲ ਟੀਮ ਵੱਲੋਂ ਉਨ੍ਹਾਂ ਦੇ ਘਰ ਮਨਾਇਆ ਗਿਆ ਅਤੇ ਇਸ ਸਮੇਂ ਸਾਰੇ ਪਰਿਵਾਰ ਦੇ ਮੈਂਬਰ ਇਕੱਠੇ ਸਨ ਅਤੇ ਉਨ੍ਹਾਂ ਨੇ ਇਸ ਮੁਹਿੰਮ ਨੂੰ ਬਹੁਤ ਸਤਿਕਾਰ ਦਿੱਤਾ। ਜਨਮਦਿਨ ਮਨਾਉਣ ਲਈ ਕੇਕ ਡੀ.ਸੀ.ਬੀ ਬੈਂਕ ਦੀ ਟੀਮ ਵੱਲੋਂ ਲਿਆਂਦਾ ਗਿਆ ਸੀ। ਉਨ੍ਹਾਂ ਦੱਸਿਆ ਕਿ ਸੀਨੀਅਰ ਸਿਟੀਜਨ ਟੀਮ ਨੂੰ ਡੀ.ਸੀ.ਬੀ ਬੈਂਕ ਫਿਰੋਜ਼ਪੁਰ ਤੋਂ ਵਿਸ਼ੇਸ਼ ਸਹਿਯੋਗ ਮਿਲ ਰਿਹਾ ਹੈ ਅਤੇ ਹਰੇਕ ਮੈਂਬਰ ਦੇ ਜਨਮਦਿਨ ਤੇ ਡੀ.ਸੀ.ਬੀ ਬੈਂਕ ਵੱਲੋਂ ਉਸ ਮੈਂਬਰ ਦੇ ਘਰ ਇੱਕ ਕੇਕ ਭੇਜਿਆ ਜਾਂਦਾ ਹੈ ਜੋ ਇਸ ਨੂੰ ਚਾਹੁੰਦਾ ਹੈ ਅਤੇ ਸੀਨੀਅਰ ਸਿਟੀਜ਼ਨ ਕੌਂਸਲ ਟੀਮ ਆਪਣੇ ਮੈਂਬਰ ਦਾ ਜਨਮਦਿਨ ਉਸ ਪਰਿਵਾਰ ਨਾਲ ਮਿਲ ਕੇ ਮਨਾਉਂਦੀ ਹੈ। ਇਸੇ ਤਰ੍ਹਾਂ ਕੌਂਸਲ ਕੈਸ਼ੀਅਰ ਸ੍ਰੀ ਅੰਮ੍ਰਿਤ ਸੋਡੀ ਦਾ ਅਗਲਾ ਜਨਮਦਿਨ 9 ਫਰਵਰੀ 2025 ਨੂੰ ਉਨ੍ਹਾਂ ਦੇ ਘਰ ਉਨ੍ਹਾਂ ਦੇ ਪਰਿਵਾਰ ਨਾਲ ਮਨਾਇਆ ਜਾਵੇਗਾ। ਕੌਂਸਲ ਦੇ ਪ੍ਰਧਾਨ ਪੀ.ਡੀ ਸ਼ਰਮਾ ਨੇ ਦੱਸਿਆ ਕਿ ਸਮਾਜ ਵਿੱਚ ਟੁੱਟ ਰਹੇ ਰਿਸ਼ਤਿਆਂ ਨੂੰ ਬਚਾਉਣ ਅਤੇ ਬਜ਼ੁਰਗਾਂ ਦੇ ਘਰਾਂ ਵਿੱਚ ਸਤਿਕਾਰ ਨੂੰ ਬਹਾਲ ਕਰਨ ਲਈ ਯਤਨ ਕੀਤੇ ਜਾ ਰਹੇ ਹਨ, ਜਿਸਦੀ ਲੋਕਾਂ ਵੱਲੋਂ ਬਹੁਤ ਪ੍ਰਸ਼ੰਸਾ ਕੀਤੀ ਜਾ ਰਹੀ ਹੈ, ਜਿਥੇ ਪਰਿਵਾਰਕ ਮੈਂਬਰ ਆਪਣੇ ਮਾਪਿਆਂ ਦਾ ਜਨਮਦਿਨ ਆਪਣੇ ਡੋਰ ਸਟੈਪ ੇਤੇ ਮਨਾ ਕੇ ਖੁਸ਼ੀ ਅਤੇ ਸਮਾਨ ਪ੍ਰਗਟ ਕਰ ਰਹੇ ਹਨ, ਉੱਥੇ ਹੀ ਡੀ.ਸੀ.ਬੀ ਬੈਂਕ ਦੇ ਪੰਜਾਬ ਪੱਧਰ ਦੇ ਅਧਿਕਾਰੀ ਹਰਪ੍ਰੀਤ ਸਿੰਘ ਨੇ ਅਜਿਹੀ ਮੁਹਿੰਮਾਂ ਦੀ ਬਹੁਤ ਸ਼ਲਾਘਾ ਕੀਤੀ ਹੈ। ਜਨਮਦਿਨ ਮਨਾਉਣ ਵਾਲੀ ਟੀਮ ਵਿੱਚ ਸ੍ਰੀ ਵਿਨੋਦ ਕੁਮਾਰ ਗਰੋਵਰ, ਪ੍ਰਦੀਪ ਕੁਮਾਰ, ਨੀਰਜ ਸਚਦੇਵਾ, ਅਵਤਾਰ ਸਿੰਘ, ਪ੍ਰੇਮ ਨਾਥ, ਮੱਖਣ ਲਾਲ, ਸ਼ਿਵਦਰਸ਼ਨ ਲਾਲ ਗੱਖੜ, ਡੀ.ਸੀ.ਵੀ. ਬੈਂਕ ਦੇ ਹਰਪ੍ਰੀਤ ਸਿੰਘ ਪੰਜਾਬ ਪੱਧਰ ਦੇ ਅਧਿਕਾਰੀ ਅਤੇ ਅਮਰਿੰਦਰ ਜੀ.ਡੀ.ਸੀ ਵੀ ਬੈਂਕ ਦੇ ਅਧਿਕਾਰੀ ਵਿਸ਼ੇਸ਼ ਤੌਰ ਤੇ ਕੇਕ ਲੈ ਕੇ ਪਹੁੰਚੇ।

# ਮੁਲਾਜ਼ਮਾਂ ਤੇ ਪੈਨਸ਼ਨਰਾਂ ਨੇ ਘੇਰਿਆ ਡਿਪਟੀ ਕਮਿਸ਼ਨਰ ਦਫਤਰ, ਸਰਕਾਰ ਵਿਰੁੱਧ ਕੱਢੀ ਭੜਾਸ



ਫ਼ਿਰੋਜ਼ਪੁਰ,8 ਫਰਵਰੀ (ਮਨੋਹਰ ਲਾਲ) :— ਪੰਜਾਬ ਗੌਰਮਿੰਟ ਮੁਲਾਜ਼ਮ ਅਤੇ ਪੈਨਸ਼ਨਰਜ ਜਾਇੰਟ ਫਰੰਟ ਪੰਜਾਬ ਦੇ ਸੱਦੇ ਤੇ ਅੱਜ ਮੁਲਾਜ਼ਮ ਅਤੇ ਪੈਨਸ਼ਨਰ ਸਾਂਝਾ ਫਰੰਟ ਜ਼ਿਲ੍ਹਾ ਫ਼ਿਰੋਜ਼ਪੁਰ ਵੱਲੋਂ ਡੀ.ਸੀ ਦਫਤਰ ਫ਼ਿਰੋਜ਼ਪੁਰ ਮੂਹਰੇ ਰੈਲੀ ਕੀਤੀ ਗਈ। ਇਸ ਰੈਲੀ ਦੌਰਾਨ 11 ਸਾਥੀਆਂ ਵੱਲੋਂ ਭੁੱਖ ਹੜਤਾਲ ਕੀਤੀ ਗਈ ਅਤੇ ਵੱਡੀ ਗਿਣਤੀ ਜਥੇਬੰਦੀਆਂ ਨੇ ਸ਼ਮੂਲੀਅਤ ਕੀਤੀ, ਜਿਨ੍ਹਾਂ ਵਿਚ ਪੰਜਾਬ ਪੈਨਸ਼ਨਰਜ਼ ਐਸੋਸੀਏਸ਼ਨ ਫ਼ਿਰੋਜ਼ਪੁਰ, ਪੰਜਾਬ ਗੌਰਮਿੰਟ ਪੈਨਸ਼ਨਰਜ਼ ਪੁਲਿਸ ਵੈਲਫੇਅਰ ਐਸੋਸੀਏਸ਼ਨ ਫ਼ਿਰੋਜ਼ਪੁਰ, ਪੰਜਾਬ ਗੌਰਮਿੰਟ ਪੈਨਸ਼ਨਰਜ਼ ਯੂਨੀਅਨ ਫ਼ਿਰੋਜ਼ਪੁਰ, ਪੰਜਾਬ ਗੌਰਮਿੰਟ ਪੈਨਸ਼ਨਰਜ਼ ਐਸੋਸੀਏਸ਼ਨ ਜੇਲ੍ਹ ਫ਼ਿਰੋਜ਼ਪੁਰ, ਪੀ.ਐਸ.ਐਸ.ਐਫ ਦਰਜਾ ਚਾਰ ਯੂਨੀਅਨ ਫ਼ਿਰੋਜ਼ਪੁਰ, ਪੈਰਾ ਮੈਡੀਕਲ ਯੂਨੀਅਨ ਫ਼ਿਰੋਜ਼ਪੁਰ, ਪੀ.ਐਸ.ਐਮ.ਐਸ ਯੂਨੀਅਨ ਫ਼ਿਰੋਜ਼ਪੁਰ, ਪੀ.ਐਸ.ਐਸ.ਐਫ 1406ਬੀ ਫੈਡਰੇਸ਼ਨ ਫ਼ਿਰੋਜ਼ਪੁਰ, ਸੀ.ਪੀ.ਐਫ/ਐਨ.ਪੀ.ਐਸ ਯੂਨੀਅਨ ਫ਼ਿਰੋਜ਼ਪੁਰ, ਪੰਜਾਬ ਫਾਰੈਸਟ ਪੈਨਸ਼ਨਰਜ਼ ਐਸੋਸੀਏਸ਼ਨ ਫ਼ਿਰੋਜ਼ਪੁਰ ਦੇ ਵੱਡੀ ਗਿਣਤੀ ਸਾਥੀਆਂ ਨੇ ਸ਼ਿਰਕਤ ਕਰਕੇ ਸਰਕਾਰ ਨੂੰ ਜਗਾਉਣ ਦਾ ਹੀਆ ਕੀਤਾ। ਇਸ ਮੌਕੇ ਬੋਲਦਿਆਂ ਓਮ ਪ੍ਰਕਾਸ਼ ਜਨਰਲ ਸਕੱਤਰ, ਜ਼ਸਪਾਲ ਸਿੰਘ ਪ੍ਰਧਾਨ ਰਿਟਾ. ਡੀ.ਐਸ.ਪੀ, ਅਜੀਤ ਸਿੰਘ ਸੋਢੀ ਜਨਰਲ ਸਕੱਤਰ, ਨਰਿੰਦਰ ਕੁਮਾਰ ਸ਼ਰਮਾ ਪੈਰਾ ਮੈਡੀਕਲ, ਗੁਰਦੇਵ ਸਿੰਘ ਸੰਧੂ ਪ੍ਰਧਾਨ ਪੀ.ਐਸ.ਐਫ 1408ਬੀ ਚੰਡੀਗੜ੍ਹ, ਮਲਕੀਅਤ ਚੰਦ ਪਾਸੀ, ਮਹਿੰਦਰ ਸਿੰਘ ਧਾਲੀਵਾਲ ਨੇ ਬੋਲਦਿਆਂ ਪੰਜਾਬ ਸਰਕਾਰ ਦੀ ਮੁਲਾਜ਼ਮ ਅਤੇ ਪੈਨਸ਼ਨਰਜ਼ ਮਾਰੂ ਨੀਤੀ ਦੀ ਸਖਤ ਸ਼ਬਦਾਂ ਵਿਚ ਨਿਖੇਧੀ ਕੀਤੀ ਅਤੇ ਪੰਜਾਬ ਸਰਕਾਰ ਨੂੰ ਚਿਤਾਵਨੀ ਦਿੱਤੀ ਕਿ ਅਗਰ ਸਾਡੀਆਂ ਹੱਕੀ ਮੰਗਾਂ 28 ਫਰਵਰੀ ਤੱਕ ਨਾ ਮੰਨੀਆਂ ਗਈਆਂ ਤਾਂ ਸਾਰੇ ਪੰਜਾਬ ਵਿਚ ਤਿੱਖੇ ਸੰਘਰਸ਼ ਕੀਤੇ ਜਾਣਗੇ, ਜਿਸ ਦੀ ਸਾਰੀ ਜਿੰਮੇਵਾਰੀ ਸਰਕਾਰ ਦੀ ਹੋਵੇਗੀ। ਇਸ ਮੌਕੇ ਗੁਰਦੇਵ ਸਿੰਘ ਸੰਧੂ ਪ੍ਰਧਾਨ ਪੀ.ਐਸ.ਐਸ.ਐਫ ਨੇ ਸਰਕਾਰ ਦੀ ਲਾਰੇ ਲੱਪੇ ਦੀ ਨੀਤੀ ਦੀ ਜ਼ੋਰਦਾਰ ਨਿਖੇਧੀ ਕਰਦੇ ਹੋਏ ਕਿਹਾ ਕਿ ਫੈਡਰੇਸ਼ਨ ਦੇ ਸਾਥੀ ਅੱਜ ਅਤੇ ਕੱਲ ਤੱਕ ਸਰਕਾਰ ਵਿਰੁੱਧ ਦਿਨ—ਰਾਤ ਰੈਲੀਆਂ ਡੀ.ਸੀ ਫ਼ਿਰੋਜ਼ਪੁਰ ਦੇ ਦਫਤਰ ਅੱਗੇ ਕਰਨਗੇ। ਇਸ ਮੌਕੇ ਬੋਲਦਿਆਂ ਮਹੰਦਰ ਸਿੰਘ ਧਾਲੀਵਾਲ ਪ੍ਰਧਾਨ ਜੰਗਲਾਤ ਮਹਿਕਮਾ, ਮਲਕੀਅਤ ਚੰਦ ਪਾਸੀ, ਮਨੋਹਰ ਲਾਲ ਪ੍ਰਧਾਨ ਪੀ.ਐਸ.ਐਮ.ਐਸ.ਯੂ ਅਤੇ ਜਗਸੀਰ ਸਿੰਘ ਭਾਂਗਰ ਪ੍ਰਧਾਨ ਸੀ.ਪੀ.ਐਫ/ਐਨ.ਪੀ.ਐਸ ਫ਼ਿਰੋਜ਼ਪੁਰ ਅਤੇ ਹੋਰ ਆਗੂਆਂ ਨੇ ਪੰਜਾਬ ਸਰਕਾਰ ਨੂੰ ਚਿਤਾਵਨੀ ਦਿੰਦਿਆਂ ਕਿਹਾ ਕਿ ਪੰਜਾਬ ਜਾਇੰਟ ਫਰੰਟ ਦੇ ਹੁਕਮਾਂ ਮੁਤਾਬਿਕ 8 ਫਰਵਰੀ ਤੋਂ 20 ਫਰਵਰੀ ਤੱਕ ਵੱਖ—ਵੱਖ ਹਲਕਿਆਂ ਦੇ ਵਿਧਾਇਕਾਂ ਨੂੰ ਰੋਸ ਭਰੇ ਮੰਗ ਪੱਤਰ ਦਿੱਤੇ ਜਾਣਗੇ। ਸ੍ਰੀ ਅਜੀਤ ਸਿੰਘ ਸੋਢੀ, ਓਮ ਪ੍ਰਕਾਸ਼ ਅਤੇ ਸੁਰਿੰਦਰ ਕੁਮਾਰ ਜ਼ੋਸਨ ਸਕੱਤਰ ਨੇ ਦੱਸਿਆ ਕਿ ਐਕਸ਼ਨ ਉਪਰੰਤ ਮਾਰਚ 2025 ਬਜਟ ਸੈਸ਼ਨ ਵੇਲੇ ਮੋਹਾਲੀ ਵਿਖੇ ਸੂਬਾ ਪੱਧਰੀ ਮਹਾਂ ਰੈਲੀ ਕੀਤੀ ਜਾਵੇਗੀ। ਅੱਜ ਪੀ.ਐਸ.ਈ.ਬੀ ਪੈਨਸ਼ਨਰ ਫੈਡਰੇਸ਼ਨ ਦੇ ਆਗੂ ਗੁਰਦਿੱਤ ਸਿੰਘ ਅਤੇ ਅਸ਼ਵਨੀ ਕੁਮਾਰ, ਅਵਤਾਰ ਸਿੰਘ, ਜ਼ਸਪਾਲ ਸਿੰਘ, ਗੁਰਦਿੱਤ ਸਿੰਘ, ਗੁਰਮੇਲ ਸਿੰਘ ਬਰਾੜ, ਪ੍ਰਵੇਸ਼ ਕੁਮਾਰ ਸਿਡਾਨਾ, ਸੁਖਵਿੰਦਰ ਸਿੰਘ, ਸੁਖਦੇਵ ਸਿੰਘ, ਤਾਰਾ ਸਿੰਘ, ਨਰਿੰਦਰ ਸ਼ਰਮਾ, ਦੇਵ ਕੁਮਾਰ ਨਰੂਲਾ, ਸੁਰਿੰਦਰ ਕੁਮਾਰ ਜ਼ੋਸਨ, ਸਵਰਨਜੀਤ ਸਿੰਘ, ਅਸ਼ੋਕ ਕੁਮਾਰ, ਮਨਿੰਦਰਜੀਤ, ਮਾਸਟਰ ਚੰਚਲ ਸਿੰਘ, ਪ੍ਰਤੀਪ ਮੱਲਵਾਲ, ਰਾਮ ਕੁਮਾਰ ਬੇਰੀ, ਭੁਪਿੰਦਰ ਮੋਮੀ ਆਦਿ ਹਾਜ਼ਰ ਸਨ।




# ਜਲਾਲਾਬਾਦ ਕਬੱਡੀ ਕੱਪ ਤੇ ਕੱਬਡੀ ਖਿਡਾਰੀ ਗੁਰਲਾਲ ਸੋਹਲ ਦਾ ਐਨ.ਆਰ.ਆਈ ਵੀਰਾਂ ਵੱਲੋਂ ਸਨਮਾਨ



ਨਕੋਦਰ, ਮਹਿਤਪੁਰ, 8 ਫਰਵਰੀ (ਹਰਜਿੰਦਰ ਪਾਲ ਛਾਬੜਾ)- ਜੱਗਾ ਰੰਮੀ ਕੱਬਡੀ ਪ੍ਰਮੋਟਰ, ਇੰਦਰਜੀਤ ਰੰਮੀ ਕੱਬਡੀ ਪ੍ਰਮੋਟਰ, ਜੋਨਾ ਬੋਲੀਨਾ ਕੱਬਡੀ ਪ੍ਰਮੋਟਰ, ਚਰਨਜੀਤ ਡਗਰੂ ਕੱਬਡੀ ਪ੍ਰਮੋਟਰ, ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਮਿਤੀ 16 ਫਰਵਰੀ 2025 ਦਿਨ ਐਤਵਾਰ ਨੂੰ ਜਲਾਲਾਬਾਦ ਕਬੱਡੀ ਕੱਪ ਕਰਵਾਇਆ ਜਾ ਰਿਹਾ ਹੈ ਜਿਸ ਵਿਚ ਕਬੱਡੀ ਪ੍ਰਮੋਟਰ ਇੰਦਰਜੀਤ ਰੰਮੀ, ਕਬੱਡੀ ਪ੍ਰਮੋਟਰ, ਜੱਗਾ ਰੰਮੀ, ਕੱਬਡੀ ਪ੍ਰਮੋਟਰ ਜੋਨਾ ਬੋਲੀਨਾ, ਕੱਬਡੀ ਪ੍ਰਮੋਟਰ ਚਰਨਜੀਤ ਡਗਰੂ, ਕੈਨੇਡਾ ਵਲੋ ਮਸ਼ਹੂਰ ਕਬੱਡੀ ਖਿਡਾਰੀ ਗੁਰਲਾਲ ਸੋਹਲ ਦਾ ਸਕਾਰਪੀਓ ਗੱਡੀ ਨਾਲ ਹੋਵੇਗਾ ਸਨਮਾਨ। ਇਸ ਮੌਕੇ ਕਬੱਡੀ ਮੈਚ ਕਰਵਾਏ ਜਾਣਗੇ ਜਿਸ ਵਿਚ ਇਨਾਮ ਵਜੋਂ ਮੁੰਡਿਆ ਦੀ ਟੀਮ ਵਿਚ ਪਹਿਲਾ ਸਥਾਨ ਹਾਸਿਲ ਕਰਨ ਵਾਲੇ ਨੂੰ 1,50,000 ਅਤੇ ਦੂਜਾ ਸਥਾਨ ਹਾਸਿਲ ਵਾਲੇ ਨੂੰ 1,00,000 ਅਤੇ ਕੁੜੀਆ ਦੀ ਟੀਮ ਵਿਚ ਪਹਿਲਾ ਸਥਾਨ ਹਾਸਿਲ ਕਰਨ ਵਾਲੇ ਖਿਡਾਰੀ ਨੂੰ 41,000 ਅਤੇ ਦੂਜਾ ਸਥਾਨ ਹਾਸਿਲ ਕਰਨ ਵਾਲੇ ਨੂੰ 31,000 ਦਿਤਾ ਜਾਵੇਗਾ।

ਆਵਾਜ਼ਿ ਕੌਮ AWAZE QAUM International Newspaper & WEB TV